ਕੈਨੇਡੀਅਨ

# ਪੰਜਾਬੀ ਪੋਸਟ

Award winning news paper | Canadian Punjabi Post

To view our online newspaper visit punjabipost.ca/epaper | Vol 22* Issue 145 | Monday, July 31, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ



SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


## 14 ਸਾਲਾ ਲਾਪਤਾ ਲੜਕੇ ਦੀ ਪਾਣੀ ਵਿੱਚ ਕੀਤੀ ਜਾ ਰਹੀ ਹੈ ਭਾਲ



ਓਨਟਾਰੀਓ, 30 ਜੁਲਾਈ (ਪੋਸਟ ਬਿਊਰੋ) : 14 ਸਾਲਾਂ ਦੇ ਲਾਪਤਾ ਲੜਕੇ ਦੀ ਭਾਲ ਲਈ ਸਰਚ ਤੇ ਰੈਸਕਿਊ ਕ੍ਰਿਊ ਵੱਲੋਂ ਹੈਮਿਲਟਨ ਵਾਲੇ ਪਾਸੇ ਲੇਕ ਓਨਟਾਰੀਓ ਦੇ ਪਾਣੀਆਂ ਨੂੰ ਖੰਘਾਲਿਆ ਜਾ ਰਿਹਾ ਹੈ।

ਸ਼ਨਿੱਚਰਵਾਰ ਨੂੰ ਦੁਪਹਿਰੇ 2:30 ਵਜੇ ਦੇ ਨੇੜੇ ਤੇੜੇ ਹੈਮਿਲਟਨ ਹਾਰਬਰ ਦੇ ਪੂਰਬ ਵੱਲ ਬੀਚ ਬੁਲੇਵਾਰਡ ਨੇੜੇ ਕੁੱਝ ਨੌਜਵਾਨਾਂ ਨੇ ਇੱਕਲੀ ਟਿਊਬ ਪਾਣੀ ਵਿੱਚ ਤੈਰਦੀ ਵੇਖੀ ਤਾਂ ਟੀਨੇਜਰ ਦੇ ਲਾਪਤਾ ਹੋਣ ਦੀ ਰਿਪੋਰਟ ਕੀਤੀ ਗਈ। ਹੈਮਿਲਟਨ ਪੁਲਿਸ ਨੇ ਆਖਿਆ ਕਿ ਲੜਕਾ ਪਾਣੀ ਦੇ ਹੇਠਾਂ ਗਿਆ ਤੇ ਫਿਰ ਬਾਹਰ ਹੀ ਨਹੀਂ ਆਇਆ।

ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ, ਕੈਨੇਡੀਅਨ ਕੋਸਟ ਗਾਰਡ ਤੇ ਹੈਮਿਲਟਨ ਫਾਇਰ ਨਾਲ ਰਲ ਕੇ ਇਸ ਲੜਕੇ ਦੀ ਭਾਲ ਕਰ ਰਹੇ ਹਨ।

## ਟਰਾਂਸਪੋਰਟੇਸ਼ਨ ਸੇਫਟੀ ਬੋਰਡ ਨੇ ਅਲਬਰਟਾ ਜਹਾਜ਼ ਹਾਦਸੇ ਦੀ ਜਾਂਚ ਕੀਤੀ ਸ਼ੁਰੂ




ਕਾਨਾਨਸਕਿਸ, ਅਲਬਰਟਾ, 30 ਜੁਲਾਈ (ਪੋਸਟ ਬਿਊਰੋ) : ਕੈਲਗਰੀ ਦੇ ਰੌਕੀਜ਼ ਵੈਸਟ ਵਿੱਚ ਇੱਕ ਨਿੱਕੇ ਜਹਾਜ਼ ਦੇ ਹਾਦਸਾਗ੍ਰਸਤ ਹੋਣ ਤੋਂ ਬਾਅਦ ਟਰਾਂਸਪੋਰਟੇਸ਼ਨ ਸੇਫਟੀ ਬੋਰਡ ਵੱਲੋਂ ਜਾਂਚ ਸ਼ੁਰੂ ਕੀਤੀ ਗਈ ਹੈ। ਇਸ ਹਾਦਸੇ ਵਿੱਚ ਛੇ ਵਿਅਕਤੀ ਮਾਰੇ ਗਏ।

ਆਰਸੀਐਮਪੀ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪਾਇਲਟ ਤੇ ਪੰਜ ਪੈਸੈਂਜਰਜ਼ ਸਮੇਤ ਇਸ ਜਹਾਜ਼ ਨੇ ਸ਼ੁੱਕਰਵਾਰ ਰਾਤ ਨੂੰ ਸਿਟੀ ਦੇ ਪੱਛਮ ਤੋਂ ਸਪਰਿੰਗਬੈਂਕ ਏਅਰਪੋਰਟ ਤੋਂ ਉਡਾਨ ਭਰੀ ਤੇ ਇਹ ਜਹਾਜ਼ ਸਾਲਮਨ ਆਰਮ, ਬੀਸੀ ਵੱਲ ਵਧਿਆ। ਮਾਰੇ ਗਏ ਪੈਸੈਂਜਰਜ਼ ਦੇ ਨਾਂ ਜਾਰੀ ਨਹੀਂ ਕੀਤੇ ਗਏ ਹਨ ਪਰ ਪੁਲਿਸ ਨੇ ਦੱਸਿਆ ਕਿ ਇਸ ਜਹਾਜ਼ ਵਿੱਚ ਸਵਾਰ ਸਾਰੇ ਲੋਕ ਚਰਚ ਫੰਕਸ਼ਨ ਵਿੱਚ ਹਿੱਸਾ ਲੈਣ ਲਈ ਜਾ ਰਹੇ ਸਨ।

ਇਹ ਜਹਾਜ਼, ਸਿੰਗਲ ਇੰਜਣ ਪਾਈਪਰ ਪੀਏ-32 ਸੀ, ਤੇ ਇਸ ਦੇ ਆਪਣੇ ਟਿਕਾਣੇ ਉੱਤੇ ਨਾ ਪਹੁੰਚਣ ਦੀ ਜਾਣਕਾਰੀ ਜੁਆਇੰਟ ਰੈਸਕਿਊ ਕੋਆਰਡੀਨੇਸ਼ਨ ਸੈਂਟਰ, ਟ੍ਰੈਂਟਨ, ਓਨਟਾਰੀਓ ਵੱਲੋਂ ਦਿੱਤੀ ਗਈ। ਪੁਲਿਸ ਨੇ ਦੱਸਿਆ ਕਿ ਸੈਂਟਰ ਵੱਲੋਂ ਜਹਾਜ਼ ਦੇ ਹਾਦਸਾਗ੍ਰਸਤ ਹੋਣ ਬਾਰੇ ਜਾਣਕਾਰੀ ਰਾਤੀਂ 1:00 ਵਜੇ ਦਿੱਤੀ ਗਈ। ਪੁਲਿਸ ਨੇ ਦੱਸਿਆ ਕਿ ਵਿਨੀਪੈਗ ਸਥਿਤ ਰੌਇਲ ਕੈਨੇਡੀਅਨ ਏਅਰ ਫੋਰਸ ਹਰਕਿਊਲਿਸ ਜਹਾਜ਼ ਨੂੰ ਇਸ ਲਾਪਤਾ ਜਹਾਜ਼ ਦੀ ਭਾਲ ਲਈ ਭੇਜਿਆ ਗਿਆ ਤੇ ਇਹ ਕਾਨਾਨਸਕਿਸ ਕੰਟਰੀ ਵਿੱਚ ਮਿਲਿਆ। ਇਹ ਕੈਲਗਰੀ ਦੇ ਪੱਛਮ ਵੱਲ ਪਹਾੜੀ ਇਲਾਕਾ ਹੈ।

ਅਲਬਰਟਾ ਪਾਰਕਸ ਮਾਊਨਟੇਨ ਤੋਂ ਰੈਸਕਿਊ ਟੀਮ, ਅਲਪਾਈਨ ਹੈਲੀਕਾਪਟਰਜ਼ ਤੇ ਕੋਮੈਕਸ ਸਥਿਤ ਆਰਸੀਏਐਫ ਸੀਐਚ-149 ਕਾਰਮਰੈਂਟ ਨਾਲ 442 ਟਰਾਂਸਪੋਰਟ ਤੇ ਰੈਸਕਿਊ ਸਕੁਆਡਰਨ ਕੋਲੋਂ ਭੇਜੀ ਗਈ। ਹਾਦਸੇ ਵਾਲੀ ਥਾਂ ਤੋਂ ਛੇ ਵਿਅਕਤੀਆਂ ਦੀਆਂ ਲਾਸ਼ਾਂ ਰਿਕਵਰ ਕਰ ਲਈਆਂ ਗਈਆਂ ਹਨ।

## ਮੈਟਰੋ ਵਰਕਰਜ਼ ਦੀ ਹੜਤਾਲ ਜਾਰੀ, ਟੋਰਾਂਟੋ ਦੇ 30 ਸਟੋਰ ਹੋਏ ਬੰਦ




ਟੋਰਾਂਟੋ, 30 ਜੁਲਾਈ (ਪੋਸਟ ਬਿਊਰੋ) : ਗ੍ਰੇਟਰ ਟੋਰਾਂਟੋ ਏਰੀਏ ਦੀਆਂ ਕਈ ਮੈਟਰੋ ਲੋਕੇਸ਼ਨਜ਼ ਹਜ਼ਾਰਾਂ ਵਰਕਰਜ਼ ਦੇ ਹੜਤਾਲ ਉੱਤੇ ਜਾਣ ਕਾਰਨ ਬੰਦ ਰਹੀਆਂ। ਇਨ੍ਹਾਂ ਵਰਕਰਜ਼ ਵੱਲੋਂ ਕੀਤੀ ਗਈ ਹੜਤਾਲ ਦਾ ਇਹ ਦੂਜਾ ਦਿਨ ਸੀ।

ਸ਼ਨਿੱਚਰਵਾਰ ਨੂੰ ਯੂਨੀਫੌਰ ਲੋਕਲ 414 ਦੇ 3700 ਮੈਂਬਰ ਸਾਂਝੇ ਸਮਝੌਤੇ ਨੂੰ ਠੁਕਰਾ ਕੇ ਹੜਤਾਲ ਉੱਤੇ ਚਲੇ ਗਏ। ਇਸ ਨਾਲ ਮੈਟਰੋ ਦੇ 27 ਸਟੋਰ ਬੰਦ ਹੋ ਗਏ। ਟੋਰਾਂਟੋ ਤੇ ਇਸ ਦੇ ਸਬਅਰਬਜ਼ ਜਿਨ੍ਹਾਂ ਵਿੱਚ ਹੜਤਾਲ ਕੀਤੀ ਜਾ ਰਹੀ ਹੈ ਉਨ੍ਹਾਂ ਵਿੱਚ ਬ੍ਰੈਂਟਫੋਰਡ, ਆਰੇਂਜਵਿੱਲ, ਮਿਲਟਨ, ਓਕਵਿੱਲ, ਬਰੈਂਪਟਨ ਤੇ ਮਿਸੀਸਾਗਾ ਸ਼ਾਮਲ ਹਨ। ਮੈਟਰੋ ਦਾ ਕਹਿਣਾ ਹੈ ਕਿ ਇਹ ਸਟੋਰ ਹੜਤਾਲ ਰਹਿਣ ਤੱਕ ਬੰਦ ਰੱਖੇ ਜਾਣਗੇ ਪਰ ਫਾਰਮੇਸੀਜ਼ ਨੂੰ ਖੁੱਲ੍ਹਾ ਰੱਖਿਆ ਜਾਵੇਗਾ।

ਮੈਟਰੋ ਵੱਲੋਂ ਇਸ ਹੜਤਾਲ ਉੱਤੇ ਨਿਰਾਸ਼ਾ ਪ੍ਰਗਟਾਈ ਗਈ ਹੈ ਜਦਕਿ ਯੂਨੀਫੌਰ ਦਾ ਕਹਿਣਾ ਹੈ ਕਿ ਫਰੰਟਲਾਈਨ ਗਰੌਸਰੀ ਵਰਕਰਜ਼ ਦੀ ਮੰਗ ਹੈ ਕਿ ਬਿਹਤਰ ਭੱਤਿਆਂ ਦੀ ਪੇਸ਼ਕਸ਼ ਲੈ ਕੇ ਮੈਟਰੋ ਗੱਲਬਾਤ ਕਰਨ ਲਈ ਪਹੁੰਚੇ। ਵਰਕਰਜ਼ ਨੇ ਆਖਿਆ ਕਿ ਇਸ ਸਮੇਂ ਉਨ੍ਹਾਂ ਨੂੰ ਅਫੋਰਡੇਬਿਲਿਟੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਮੈਟਰੋ ਨੂੰ ਇਸ ਗੱਲ ਦਾ ਧਿਆਨ ਰੱਖਕੇ ਪੇਸ਼ਕਸ਼ ਕਰਨੀ ਚਾਹੀਦੀ ਹੈ। ਨਾ ਹੀ ਕੰਪਨੀ ਤੇ ਨਾ ਹੀ ਯੂਨੀਅਨ ਵੱਲੋਂ ਇਹ ਸੰਕੇਤ ਦਿੱਤਾ ਗਿਆ ਹੈ ਕਿ ਗੱਲਬਾਤ ਮੁੜ ਕਦੋਂ ਸ਼ੁਰੂ ਹੋਵੇਗੀ।


NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
Don't Miss our! TENT SALE!
Upgrade your kitchen with the sleek BLACK STAINLESS-STEEL PACKAGE for
JUST $3,199.00 at Ourr Home Appliances.
Limited stock available, so hurry and grab this amazing deal today!
UPGRADE TO 36" COOKTOP IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG VentAHood Danby
Unit #1, 241 Clarence Street, Brampton, ON, L6W 3E7, (416) 551-3343
44 Fasken Dr. Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਛੁਰੇਬਾਜ਼ੀ ਵਿੱਚ ਇੱਕ ਗੰਭੀਰ ਜ਼ਖ਼ਮੀ

ਬਰੈਂਪਟਨ, 30 ਜੁਲਾਈ (ਪੋਸਟ ਬਿਊਰੋ) :ਬਰੈਂਪਟਨ ਵਿੱਚ ਛੁਰੇਬਾਜ਼ੀ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।



ਸ਼ੁੱਕਰਵਾਰ ਰਾਤ ਨੂੰ 6:30 ਤੋਂ ਪਹਿਲਾਂ ਸਟੀਲਜ਼ ਐਵਨਿਊ ਤੇ ਚਿੰਗੁਆਕਸੇ ਰੋਡ ਏਰੀਆ ਵਿੱਚ ਪੀਲ ਪੁਲਿਸ ਨੂੰ ਸੱਦਿਆ ਗਿਆ ਜਿੱਥੇ ਉਨ੍ਹਾਂ ਨੂੰ ਇੱਕ ਵਿਅਕਤੀ ਛੁਰੇਬਾਜ਼ੀ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਸ਼ੁਰੂ ਵਿੱਚ ਵਿਅਕਤੀ ਦੀ ਹਾਲਤ ਕਾਫੀ ਨਾਜ਼ੁਕ ਲੱਗ ਰਹੀ ਸੀ ਤੇ ਉਸ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਉਸ ਦੀ ਹਾਲਤ ਸਥਿਰ ਦੱਸੀ ਗਈ ਤੇ ਉਸ ਨੂੰ ਖਤਰੇ ਤੋਂ ਬਾਹਰ ਦੱਸਿਆ ਜਾ ਰਿਹਾ ਹੈ।

ਮਸ਼ਕੂਕ ਬਾਰੇ ਜਾਰੀ ਕੀਤੀ ਗਈ ਜਾਣਕਾਰੀ ਅਨੁਸਾਰ ਉਸ ਦੀ ਕੱਦਕਾਠੀ ਪਤਲੀ ਹੈ, ਉਸ ਨੇ ਨੀਲੇ ਰੰਗ ਦੀ ਟੀ-ਸ਼ਰਟ, ਕਾਲੀ ਜੀਨਜ਼, ਕਾਲੇ ਜੁੱਤੇ, ਕਾਲੀ ਬੇਸਬਾਲ ਕੈਪ, ਸਿਲਵਰ ਚੇਨ ਤੇ ਕਾਲਾ ਬੈਕਪੈਕ ਲਿਆ ਹੋਇਆ ਸੀ।

# ਪਾਕਿਸਤਾਨ ਵਿਚ ਅੱਤਵਾਦੀ ਹਮਲੇ ਵਿਚ 44 ਲੋਕਾਂ ਦੀ ਮੌਤ, 200 ਜ਼ਖਮੀ

ਪੇਸ਼ਾਵਰ, 30 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਦੇ ਬਾਜੌਰ 'ਚ ਐਤਵਾਰ ਨੂੰ ਇਕ ਸਿਆਸੀ ਰੈਲੀ 'ਚ ਧਮਾਕਾ ਹੋਇਆ। ਪੁਲਿਸ ਨੇ ਇਸ ਨੂੰ ਅੱਤਵਾਦੀ ਹਮਲਾ ਦੱਸਿਆ ਹੈ। ਪਾਕਿਸਤਾਨੀ ਟੀਵੀ ਚੈਨਲ 'ਜੀਓ ਨਿਊਜ਼' ਮੁਤਾਬਕ 44 ਲੋਕਾਂ ਦੀ ਮੌਤ ਹੋ ਗਈ ਹੈ ਅਤੇ 200 ਲੋਕ ਜ਼ਖਮੀ ਹਨ। ਘਟਨਾ ਬਾਜੌਰ ਦੀ ਖਾਰ ਤਹਿਸੀਲ ਦੀ ਹੈ। ਇੱਥੇ ਸੱਤਾਧਾਰੀ ਗੱਠਜੋੜ ਦਾ ਹਿੱਸਾ ਜਮੀਅਤ ਉਲੇਮਾ ਇਸਲਾਮ ਫਜ਼ਲ (ਜੇਯੂਆਈ-ਐੱਫ) ਦੀ ਰੈਲੀ ਚੱਲ ਰਹੀ ਸੀ।



ਇਸ ਰੈਲੀ ਨੂੰ ਜੇਯੂਆਈ-ਐੱਫ ਦੇ ਸੀਨੀਅਰ ਨੇਤਾ ਹਾਫਿਜ਼ ਹਮਦੁੱਲਾ ਨੇ ਸੰਬੋਧਨ ਕਰਨਾ ਸੀ, ਪਰ ਉਹ ਕਿਸੇ ਕਾਰਨ ਇੱਥੇ ਨਹੀਂ ਪਹੁੰਚ ਸਕੇ। ਬਾਅਦ ਵਿਚ ਮੀਡੀਆ ਨਾਲ ਗੱਲਬਾਤ ਵਿੱਚ ਹਾਫਿਜ਼ ਨੇ ਕਿਹਾ- ਇਸ ਧਮਾਕੇ ਵਿੱਚ ਸਾਡੇ ਕਰੀਬ 44 ਵਰਕਰ ਮਾਰੇ ਗਏ ਹਨ। ਮੈਂ ਇਸ ਘਟਨਾ ਦੀ ਨਿੰਦਾ ਕਰਦਾ ਹਾਂ। ਅਜਿਹੇ ਹਮਲਿਆਂ ਨਾਲ ਸਾਡਾ ਮਨੋਬਲ ਘੱਟ ਨਹੀਂ ਹੋਵੇਗਾ।

ਹਾਫਿਜ਼ ਨੇ ਅੱਗੇ ਕਿਹਾ ਕਿ ਇਸ ਤਰ੍ਹਾਂ ਦੇ ਹਮਲੇ ਪਹਿਲਾਂ ਵੀ ਹੁੰਦੇ ਰਹੇ ਹਨ। ਇਨ੍ਹਾਂ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ। ਸਾਨੂੰ ਕਿਸੇ ਤਰ੍ਹਾਂ ਦੀ ਸੁਰੱਖਿਆ ਵੀ ਨਹੀਂ ਦਿੱਤੀ ਜਾਂਦੀ। ਅਸੀਂ ਇਸ ਮੁੱਦੇ ਨੂੰ ਸੰਸਦ ਵਿਚ ਚੁੱਕਣਗੇ।

ਪੁਲਿਸ ਮੁਤਾਬਕ ਧਮਾਕਾ ਸ਼ਾਮ ਕਰੀਬ 4:30 ਵਜੇ ਹੋਇਆ। ਇਸ ਸਮੇਂ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ। ਮੰਨਿਆ ਜਾ ਰਿਹਾ ਹੈ ਕਿ ਹਮਲਾਵਰ ਪਾਰਟੀ ਸਮਰਥਕਾਂ ਵਿਚਕਾਰ ਹੀ ਮੌਜੂਦ ਸੀ। ਇਸ ਲਈ ਇਸ ਨੂੰ ਫਿਦਾਇਨ ਹਮਲਾ ਮੰਨਿਆ ਜਾ ਰਿਹਾ ਹੈ।

ਜੇਯੂਆਈ-ਐੱਫ ਦੇ ਮੁਖੀ ਮੌਲਾਨਾ ਫਜ਼ਲ ਨੇ ਘਟਨਾ ਤੋਂ ਬਾਅਦ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨਾਲ ਗੱਲ ਕੀਤੀ ਅਤੇ ਉਨ੍ਹਾਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸਰਕਾਰ ਨੇ ਇਸ ਘਟਨਾ ਦੀ ਜਾਂਚ ਦੇ ਹੁਕਮ ਵੀ ਦਿੱਤੇ ਹਨ। ਫਜ਼ਲ ਨੇ ਸਮਰਥਕਾਂ ਨੂੰ ਤੁਰੰਤ ਹਸਪਤਾਲ ਪਹੁੰਚਣ ਅਤੇ ਜ਼ਖਮੀਆਂ ਨੂੰ ਖੂਨ ਮੁਹੱਈਆ ਕਰਵਾਉਣ ਲਈ ਕਿਹਾ ਹੈ।

## ਅੱਜ ਨਾਮਾ >>

ਭਾਜਪਾ ਆਗੂ ਇੱਕ ਕਿਹਾ ਨਿਤੀਸ਼ ਬਾਰੇ,
ਮੁੜਿਆ ਏਧਰ ਤੇ ਦੇਣਾ ਨਾ ਵੜਨ ਬੇਲੀ।
ਸਾਨੂੰ ਛੱਡ ਕੇ ਲਾਲੂ ਨਾਲ ਗਿਆ ਜਿੱਦਣ,
ਚੌਕੇ-ਛੱਕੇ ਸੀ ਲੱਗਾ ਰਿਹਾ ਜੜਨ ਬੇਲੀ।
ਖਬਰ ਸੁਣੀ ਕਿ ਆਊ ਉਹ ਪਰਤ ਪਿੱਛੇ,
ਥਿੜਕਦੇ ਪੈਰ ਤੇ ਹੁੰਦਾ ਨਾ ਖੜਨ ਬੇਲੀ।
ਅਗਲੀ ਚੋਣ ਮੌਕੇਓਸ ਨੂੰ ਦੇਖ ਲਿਓ ਜੀ,
ਸਾਡੇ ਮੂਹਰੇਨਹੀਂ ਲੱਗਾ ਈ ਅੜਨ ਬੇਲੀ।
ਕਿਹਾ ਨਿਤੀਸ਼ ਫਿਰ ਮੋੜਵਾਂ ਵਾਰ ਕਰ ਕੇ,
ਖਬਰ ਇਹ ਮਨੋਂ ਹੀਗਈ ਬਣਾਈ ਬੇਲੀ।
ਪਰਤਵਾਂ ਗੇਅਰ ਹੀ ਗੱਡੀ ਦਾ ਕੱਢ ਦਿੱਤੈ,
ਜਾਵੇ ਗਲਤੀ ਨਹੀਂ ਕਦੇ ਦੁਹਰਾਈ ਬੇਲੀ।

**ਤੀਸ ਮਾਰ ਖਾਂ**

# ਤੁਰਕੀ ਨੇ ਸੀਰੀਆ ਅਤੇ ਇਰਾਕ ’ਚ ਕੀਤਾ ਹਵਾਈ ਹਮਲਾ, 8 ਲੋਕਾਂ ਦੀ ਮੌਤ

ਬਗਦਾਦ, 30 ਜੁਲਾਈ (ਪੋਸਟ ਬਿਊਰੋ): ਇਰਾਕ ਅਤੇ ਸੀਰੀਆ ਵਿੱਚ ਕੰਮ ਕਰ ਰਹੇ ਕੁਰਦ ਦੀ ਅਗਵਾਈ ਵਾਲੇ ਹਥਿਆਰਬੰਦ ਸਮੂਹਾਂ ਨੇ ਤੁਰਕੀ 'ਤੇ ਹਵਾਈ ਹਮਲਿਆਂ ਦਾ ਦੋਸ਼ ਲਗਾਇਆ ਜਿਸ ਵਿੱਚ ਅੱਠ ਲੋਕ ਮਾਰੇ ਗਏ। ਉੱਤਰੀ ਇਰਾਕ ਦੇ ਅਰਧ-ਖੁਦਮੁਖਤਿਆਰ ਕੁਰਦ ਖੇਤਰ ਵਿੱਚ ਖੇਤਰੀ ਸਰਕਾਰ ਦੀ ਅੱਤਵਾਦ ਰੋਕੂ ਸੇਵਾ ਨੇ ਇਕ ਬਿਆਨ ਵਿੱਚ ਕਿਹਾ ਕਿ ਤੁਰਕੀ ਦੇ ਹਵਾਈ ਹਮਲੇ ਵਿੱਚ ਇਰਾਕ ਦੇ ਕੁਰਦ ਖੇਤਰ ਦੇ ਸ਼ਰਬਾਜ਼ਰ ਜ਼ਿਲ੍ਹੇ ਵਿੱਚ ਕੁਰਦਿਸਤਾਨ ਵਰਕਰਜ਼ ਪਾਰਟੀ (ਪੀਕੇਕੇ) ਦੇ ਚਾਰ ਲੜਾਕੂ ਮਾਰੇ ਗਏ। ਬਿਆਨ ਵਿਚ ਕਿਹਾ ਗਿਆ ਹੈ ਕਿ ਤੁਰਕੀ ਦੇ ਹਵਾਈ ਹਮਲੇ ਨੇ ਰੰਗੀਨਾ ਪਿੰਡ ਦੇ ਨੇੜੇ ਪੀਕੇਕੇ ਦੇ ਲੜਾਕਿਆਂ ਨੂੰ ਲਿਜਾ ਰਹੇ ਵਾਹਨ ਨੂੰ ਨਿਸ਼ਾਨਾ ਬਣਾਇਆ।



ਕੁਰਦ ਦੀ ਅਗਵਾਈ ਵਾਲੀ ਸੀਰੀਅਨ ਡੈਮੋਕ੍ਰੇਟਿਕ ਫੋਰਸਿਜ਼, ਜੋ ਕਿ ਉੱਤਰ-ਪੂਰਬੀ ਸੀਰੀਆ ਦੇ ਜ਼ਿਆਦਾਤਰ ਹਿੱਸੇ ਨੂੰ ਕੰਟਰੋਲ ਕਰਦੀ ਹੈ, ਨੇ ਵੀ ਸ਼ੁੱਕਰਵਾਰ ਨੂੰ ਕਿਹਾ ਕਿ ਅਮੁਦਾ ਖੇਤਰ ਦੇ ਖੀਰਬੇਟ ਖਵੇਈ ਪਿੰਡ 'ਤੇ ਤੁਰਕੀ ਦੇ ਡਰੋਨ ਹਮਲੇ 'ਚ ਉਸ ਦੇ ਚਾਰ ਲੜਾਕੇ ਮਾਰੇ ਗਏ। ਬਿਆਨ ਵਿਚ ਤੁਰਕੀ 'ਤੇ "ਖੇਤਰ ਦੀ ਸੁਰੱਖਿਆ ਅਤੇ ਸਥਿਰਤਾ ਨੂੰ ਨੁਕਸਾਨ ਪਹੁੰਚਾਉਣ ਦੇ ਉਦੇਸ਼ ਨਾਲ" ਹਮਲੇ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਤੁਰਕੀ ਵੱਲੋਂ ਇਨ੍ਹਾਂ ਹਮਲਿਆਂ ਬਾਰੇ ਕੁਝ ਨਹੀਂ ਕਿਹਾ ਗਿਆ ਹੈ। ਦੱਸ ਦਈਏ ਕਿ ਸੀਰੀਆ ਅਤੇ ਇਰਾਕ 'ਚ ਪਿਛਲੇ ਇਕ ਮਹੀਨੇ ਤੋਂ ਤੁਰਕੀ ਅਤੇ ਕੁਰਦ ਲੜਾਕਿਆਂ ਵਿਚਾਲੇ ਟਕਰਾਅ ਚੱਲ ਰਿਹਾ ਹੈ ਅਤੇ ਇਸ ਘਟਨਾ ਤੋਂ ਬਾਅਦ ਦੋਵਾਂ ਵਿਚਾਲੇ ਤਣਾਅ ਵਧਣ ਦੀ ਸੰਭਾਵਨਾ ਹੈ।

# ਡਰਾਈਵਰ ਦੇ ਨੀਂਦ ਆਉਣ ਕਾਰਨ ਬੱਸ ਹੋਈ ਹਾਦਸਾਗ੍ਰਸਤ, ਦੋ ਬੱਚਿਆਂ ਸਮੇਤ ਪੰਜ ਦੀ ਮੌਤ

ਲਾਹੌਰ, 30 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਇੱਕ ਸੜਕ ਹਾਦਸੇ ਵਿੱਚ ਪੰਜ ਲੋਕਾਂ ਦੀ ਮੌਤ ਹੋਣ ਦੀ ਖ਼ਬਰ ਹੈ। ਮਰਨ ਵਾਲਿਆਂ ਵਿੱਚ ਇੱਕ ਔਰਤ ਅਤੇ ਦੋ ਬੱਚੇ ਵੀ ਸ਼ਾਮਲ ਹਨ। ਪੁਲਸ ਦਾ ਕਹਿਣਾ ਹੈ ਕਿ ਨੀਂਦ ਆਉਣ 'ਤੇ ਡਰਾਈਵਰ ਨੇ ਬੱਸ 'ਤੇ ਕੰਟਰੋਲ ਗੁਆ ਦਿੱਤਾ ਅਤੇ ਬੱਸ ਹਾਦਸਾਗ੍ਰਸਤ ਹੋ ਗਈ। ਇਸ ਹਾਦਸੇ 'ਚ 20 ਲੋਕ ਜ਼ਖਮੀ ਹੋਏ ਹਨ, ਜਿਨ੍ਹਾਂ ਦਾ ਵੱਖ-ਵੱਖ ਹਸਪਤਾਲਾਂ 'ਚ ਇਲਾਜ ਚੱਲ ਰਿਹਾ ਹੈ।


ਮੀਡੀਆ ਰਿਪੋਰਟਾਂ ਮੁਤਾਬਕ ਇਹ ਘਟਨਾ ਪੰਜਾਬ ਦੇ ਰਾਜਨਪੁਰ ਜ਼ਿਲ੍ਹੇ ਦੇ ਫਾਜ਼ਿਲਪੁਰ ਇਲਾਕੇ ਦੀ ਹੈ। ਸ਼ਰਧਾਲੂਆਂ ਨਾਲ ਭਰੀ ਬੱਸ ਸਖੀ ਸਰਵਰ ਇਲਾਕੇ ਤੋਂ ਜੈਕਬਾਬਾਦ ਨੂੰ ਪਰਤ ਰਹੀ ਸੀ। ਇਸ ਦੌਰਾਨ ਡਰਾਈਵਰ ਨੂੰ ਨੀਂਦ ਆ ਗਈ ਅਤੇ ਬੱਸ ਦਾ ਕੰਟਰੋਲ ਗੁਆ ਬੈਠਾ, ਜਿਸ ਕਾਰਨ ਇਹ ਹਾਦਸਾ ਵਾਪਰ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਬਚਾਅ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਜ਼ਖਮੀਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ।

ਪੁਲਸ ਨੇ ਦੱਸਿਆ ਕਿ ਇਸ ਹਾਦਸੇ 'ਚ ਇਕ ਔਰਤ ਅਤੇ ਦੋ ਬੱਚਿਆਂ ਸਮੇਤ ਕੁੱਲ ਪੰਜ ਲੋਕਾਂ ਦੀ ਮੌਤ ਹੋ ਗਈ। ਜ਼ਖਮੀਆਂ ਨੂੰ ਰਾਜਨਪੁਰ ਅਤੇ ਫਾਜ਼ਿਲਪੁਰ ਦੇ ਹਸਪਤਾਲਾਂ ਵਿਚ ਦਾਖਲ ਕਰਵਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਹਾਲ ਹੀ 'ਚ ਪਾਕਿਸਤਾਨ 'ਚ ਬਾਬੂਸਰ ਟਾਪ ਇਲਾਕੇ 'ਚ ਸੈਲਾਨੀਆਂ ਨਾਲ ਭਰੀ ਬੱਸ ਡੂੰਘੀ ਖੱਡ 'ਚ ਡਿੱਗ ਗਈ ਸੀ। ਇਸ ਹਾਦਸੇ 'ਚ 8 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਜ਼ਖਮੀ ਹੋ ਗਏ।



















# ਭਾਰਤੀ ਮੂਲ ਦੇ ਲੜਕੇ ਤੇ ਉਸਦੇ ਦੋਸਤਾਂ ਨਾਲ ਲੁੱਟਮਾਰ, ਚਾਕੂ ਨਾਲ ਕੀਤਾ ਹਮਲਾ

ਮੈਲਬੌਰਨ, 30 ਜੁਲਾਈ (ਪੋਸਟ ਬਿਊਰੋ): ਆਸਟ੍ਰੇਲੀਆ ਦੇ ਮੈਲਬੌਰਨ ਵਿੱਚ ਇੱਕ ਭਾਰਤੀ ਮੂਲ ਦੇ ਲੜਕੇ ਅਤੇ ਉਸਦੇ ਦੋ ਦੋਸਤਾਂ ਉੱਤੇ ਇੱਕ ਗੈਂਗ ਨੇ ਹਮਲਾ ਕੀਤਾ, ਜਦੋਂ ਉਹ ਬਾਸਕਟਬਾਲ ਖੇਡ ਰਹੇ ਸਨ। ਸਥਾਨਕ ਮੀਡੀਆ ਨੇ ਆਪਣੀ ਰਿਪੋਰਟ 'ਚ ਇਹ ਜਾਣਕਾਰੀ ਦਿੱਤੀ ਹੈ।

ਜਾਣਕਾਰੀ ਮੁਤਾਬਿਕ ਘਟਨਾ ਤਰਨੇਟ ਸ਼ਹਿਰ ਵਿੱਚ ਵਾਪਰੀ, ਜਦੋਂ ਰਿਆਨ ਸਿੰਘ (16) ਅਤੇ ਉਸਦੇ ਦੋ ਦੋਸਤਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਇੱਕ ਗਿਰੋਹ ਨੇ ਹਮਲਾ ਕੀਤਾ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਲਗਭਗ ਸੱਤ ਤੋਂ ਅੱਠ ਲੋਕਾਂ ਦੇ ਇਕ



ਸਮੂਹ ਨੇ ਤਿੰਨਾਂ 'ਤੇ ਹਮਲਾ ਕੀਤਾ ਅਤੇ ਉਨ੍ਹਾਂ ਨੂੰ ਆਪਣੇ ਮੋਬਾਈਲ ਫੋਨ ਸੌਂਪਣ ਲਈ ਕਿਹਾ।

ਰਿਪੋਰਟ 'ਚ ਕਿਹਾ ਗਿਆ ਹੈ ਕਿ ਰਿਆਨ ਨੂੰ ਆਪਣੇ ਜਨਮਦਿਨ 'ਤੇ ਪਰਿਵਾਰਕ ਡਿਨਰ 'ਚ ਸ਼ਾਮਲ ਹੋਣਾ ਸੀ। ਉਸ ਦੀਆਂ ਪਸਲੀਆਂ, ਬਾਹਾਂ, ਹੱਥਾਂ ਅਤੇ ਪਿੱਠ ਵਿੱਚ ਚਾਕੂ ਮਾਰਿਆ ਗਿਆ ਅਤੇ ਸਿਰ ਦੇ ਪਿਛਲੇ ਪਾਸੇ ਮਾਰਿਆ ਗਿਆ। ਵਿਕਟੋਰੀਆ ਪੁਲਸ ਮੁਤਾਬਕ ਉਸ ਦੇ ਇਕ ਦੋਸਤ ਨੂੰ ਵੀ ਚਾਕੂ ਮਾਰਿਆ ਗਿਆ ਹੈ। ਰਿਪੋਰਟ ਮੁਤਾਬਿਕ ਅਪਰਾਧੀਆਂ ਦੇ ਮੌਕੇ ਤੋਂ ਚਲੇ ਜਾਣ ਤੋਂ ਪਹਿਲਾਂ ਝਗੜਾ ਹੋਇਆ ਅਤੇ ਨੌਜਵਾਨਾਂ 'ਤੇ ਚਾਕੂਆਂ ਨਾਲ ਕਈ ਵਾਰ ਕੀਤੇ ਗਏ। ਰਿਆਨ ਦੀ ਮਾਂ ਸੁਸ਼ਮਾ ਮਾਨਧਰ ਨੇ ਬਿਆਨ ਵਿਚ ਕਿਹਾ ਕਿ ਇਹ ਬਹੁਤ ਹੀ ਦੁਖਦਾਇਕ ਹੈ। ਅਸੀਂ ਉਸਦੇ ਜਨਮਦਿਨ ਦੀ ਯੋਜਨਾ ਬਣਾ ਰਹੇ ਸੀ। ਰਿਆਨ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੇ ਖੱਬੇ ਹੱਥ ਦੀਆਂ ਉਂਗਲਾਂ ਨੂੰ ਬਚਾਉਣ ਲਈ ਸਰਜਰੀ ਕੀਤੀ ਗਈ।

# ਮੁਹੱਰਮ ਮੌਕੇ ਦੇਸ਼ ਦੇ ਕਈ ਹਿੱਸਿਆਂ ਵਿਚ ਟਕਰਾਅ, ਪੁਲਿਸ 'ਤੇ ਵੀ ਕੀਤਾ ਪਥਰਾਅ

ਨਵੀਂ ਦਿੱਲੀ, 30 ਜੁਲਾਈ (ਪੋਸਟ ਬਿਊਰੋ): ਦਿੱਲੀ ਦੇ ਨੰਗਲੋਈ ਇਲਾਕੇ 'ਚ ਪੁਲਸ 'ਤੇ ਪਥਰਾਅ ਕਰਨ ਦੀ ਖਬਰ ਹੈ। ਜਾਣਕਾਰੀ ਮੁਤਾਬਕ ਮੁਹੱਰਮ ਦੇ ਮੌਕੇ 'ਤੇ ਤਾਜ਼ੀਆ ਕੱਢੀ ਜਾ ਰਹੀ ਸੀ। ਇਸ ਦੌਰਾਨ ਜਲੂਸ 'ਚ ਸ਼ਾਮਲ ਕੁਝ ਲੋਕਾਂ ਨੇ ਪੱਥਰਬਾਜ਼ੀ ਦੀ ਘਟਨਾ ਨੂੰ ਅੰਜਾਮ ਦਿੱਤਾ। ਦੱਸਿਆ ਜਾਂਦਾ ਹੈ ਕਿ ਜਲੂਸ 'ਚ ਸ਼ਾਮਲ ਲੋਕ ਤਾਜ਼ੀਆ ਨੂੰ ਸੂਰਜਮਲ ਸਟੇਡੀਅਮ ਦੇ ਅੰਦਰ ਵੀ ਲਿਜਾਣਾ ਚਾਹੁੰਦੇ ਸਨ ਪਰ ਸਟੇਡੀਅਮ ਦਾ ਗੇਟ ਬੰਦ ਕਰ ਦਿੱਤਾ ਗਿਆ। ਪੁਲਿਸ ਜਲੂਸ ਵਿੱਚ ਸ਼ਾਮਲ ਲੋਕਾਂ ਨੂੰ ਅੰਦਰ ਜਾਣ ਦੇਣ ਤੋਂ ਇਨਕਾਰ ਕਰ ਰਹੀ ਸੀ। ਇਸ 'ਤੇ ਜਲੂਸ 'ਚ ਸ਼ਾਮਲ ਲੋਕ ਭੜਕ ਗਏ ਅਤੇ ਉਨ੍ਹਾਂ ਨੇ ਪਥਰਾਅ ਸ਼ੁਰੂ ਕਰ ਦਿੱਤਾ।

ਤੁਹਾਨੂੰ ਦੱਸ ਦੇਈਏ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਮੁਹੱਰਮ ਦੇ ਤਾਜ਼ੀਆ ਜਲੂਸ ਦੌਰਾਨ ਪੱਥਰਬਾਜ਼ੀ ਅਤੇ ਹਿੰਸਾ ਦੀਆਂ ਖ਼ਬਰਾਂ ਆਈਆਂ ਹਨ। ਵਾਰਾਣਸੀ ਦੇ ਜੈਤਪੁਰਾ ਥਾਣੇ



ਦੇ ਦੋਸ਼ੀਪੁਰਾ ਵਿਚ ਸ਼ੀਆ ਅਤੇ ਸੁੰਨੀ ਭਾਈਚਾਰਿਆਂ ਦੇ ਲੋਕ ਆਪਸ ਵਿੱਚ ਭਿੜ ਗਏ। ਦੋ ਗੁੱਟਾਂ ਵਿਚਾਲੇ ਜ਼ਬਰਦਸਤ ਪਥਰਾਅ ਵੀ ਹੋਇਆ। ਪਥਰਾਅ 'ਚ 30 ਤੋਂ ਵੱਧ ਲੋਕ ਜ਼ਖਮੀ ਹੋ ਗਏ।

ਬਿਹਾਰ ਦੇ ਅਰਵਲ ਵਿਚ ਵੀ ਤਾਜ਼ੀਆ ਜਲੂਸ ਦੌਰਾਨ ਹਿੰਸਾ ਹੋਣ ਦੀ ਖ਼ਬਰ ਹੈ। ਤਾਜ਼ੀਆ ਜਲੂਸ ਵਿੱਚ ਹਿੱਸਾ ਲੈ ਰਹੇ ਦੋ ਅਖਾੜਿਆਂ ਦੇ ਲੋਕ ਜ਼ਿਲ੍ਹਾ ਹੈੱਡਕੁਆਰਟਰ ਦੇ ਮੋਥਾ ਡੀਐਮ ਦਫ਼ਤਰ ਨੇੜੇ ਇੱਕ ਦੂਜੇ ਨਾਲ ਟਕਰਾ ਗਏ। ਜਲਦੀ ਹੀ ਲੜਾਈ ਸ਼ੁਰੂ ਹੋ ਗਈ। ਇਸ ਦੌਰਾਨ ਸੁਰੱਖਿਆ ਪ੍ਰਬੰਧਾਂ ਵਿੱਚ ਤਿਆਰ ਵਧੀਕ ਕੁਲੈਕਟਰ ਜੋਤੀ ਕੁਮਾਰ ਮਾਮਲੇ ਨੂੰ ਸ਼ਾਂਤ ਕਰਨ ਲਈ ਪੁੱਜੇ। ਮਾਮਲੇ ਨੂੰ ਸ਼ਾਂਤ ਕਰਦੇ ਹੋਏ ਐਡੀਸ਼ਨਲ ਕੁਲੈਕਟਰ ਨੂੰ ਵੀ ਸੱਟ ਲੱਗ ਗਈ, ਜਿਸ ਵਿਚ ਉਹ ਗੰਭੀਰ ਜ਼ਖਮੀ ਹੋ ਗਏ। ਇਸ ਲੜਾਈ ਦੀ ਘਟਨਾ ਵਿੱਚ ਵਧੀਕ ਕੁਲੈਕਟਰ ਸਮੇਤ ਪੰਜ ਲੋਕ ਜ਼ਖ਼ਮੀ ਹੋ ਗਏ ਹਨ। ਜਿੰਨ੍ਹਾਂ ਨੂੰ ਅੰਨ ਫਾਨਨ ਦੇ ਸਦਰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

# ਮੁੱਖ ਮੰਤਰੀ ਨੇ ਆਈ.ਆਈ.ਐੱਮ, ਅਹਿਮਦਾਬਾਦ ਤੋਂ ਵਿਸ਼ੇਸ਼ ਸਿਖਲਾਈ ਲੈਣ ਲਈ ਹੈੱਡਮਾਸਟਰਾਂ ਦੇ ਬੈਚ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ

## 12,710 ਅਧਿਆਪਕਾਂ ਨੂੰ ਰੈਗੂਲਰ ਕਰਨ ਦੇ ਮੁੱਦੇ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਵਿਰੋਧੀ ਧਿਰ ਦੀ ਸਖ਼ਤ ਆਲੋਚਨਾ

ਚੰਡੀਗੜ੍ਹ, 30 ਜੁਲਾਈ (ਪੋਸਟ ਬਿਊਰੋ): ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਦੇ ਉਦੇਸ਼ ਨਾਲ ਇੱਕ ਹੋਰ ਅਹਿਮ ਪਹਿਲਕਦਮੀ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ (ਆਈ.ਆਈ.ਐਮ.), ਅਹਿਮਦਾਬਾਦ ਤੋਂ ਵਿਸ਼ੇਸ਼ ਸਿਖਲਾਈ ਲੈਣ ਲਈ ਹੈੱਡਮਾਸਟਰਾਂ ਦੇ ਪਹਿਲੇ ਬੈਚ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਹੈੱਡਮਾਸਟਰਾਂ ਦੇ ਬੈਚ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਦਿਨ ਸੂਬੇ ਦੇ ਇਤਿਹਾਸ ਵਿੱਚ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪ੍ਰਿੰਸੀਪਲਾਂ ਦਾ ਵਫ਼ਦ ਸਿੰਗਾਪੁਰ ਤੋਂ ਸਿਖਲਾਈ ਲੈ ਕੇ ਵਾਪਸ ਆ ਰਿਹਾ ਹੈ, ਉਥੇ ਇਹ ਬੈਚ ਆਪਣੀ ਮੁਹਾਰਤ ਨੂੰ ਨਿਖਾਰਨ ਲਈ ਅਹਿਮਦਾਬਾਦ ਜਾ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸਦਾ ਇਕੋ-ਇਕ ਉਦੇਸ਼ ਸੂਬੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਵਿਸ਼ਵ ਭਰ ਵਿੱਚ ਕਾਨਵੈਂਟ ਸਕੂਲਾਂ 'ਚ ਪੜ੍ਹੇ-ਲਿਖੇ ਵਿਦਿਆਰਥੀਆਂ ਦਾ ਮੁਕਾਬਲਾ ਕਰ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਤਰ੍ਹਾਂ ਚੰਗੇ ਕੋਚ ਵਧੀਆ ਖਿਡਾਰੀ ਪੈਦਾ ਕਰਦੇ ਹਨ, ਉਸੇ ਤਰ੍ਹਾਂ ਇੱਕ ਤਜਰਬੇਕਾਰ ਅਧਿਆਪਕ ਆਉਣ ਵਾਲੇ ਭਵਿੱਖ ਲਈ ਯੋਗ ਵਿਦਿਆਰਥੀਆਂ ਨੂੰ ਤਿਆਰ ਕਰਨ ਵਿੱਚ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਲਈ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਹੈ ਅਤੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਭਗਵੰਤ ਮਾਨ ਨੇ ਉਮੀਦ ਪ੍ਰਗਟਾਈ ਕਿ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੇਸ਼ ਭਰ ਵਿੱਚ ਮਿਆਰੀ ਸਿੱਖਿਆ ਦੇ ਧੁਰੇ ਵਜੋਂ ਉਭਰੇਗਾ।

ਪਿਛਲੀਆਂ ਸਰਕਾਰਾਂ ਨੂੰ ਨਿਸ਼ਾਨੇ 'ਤੇ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੁਰਾਣੇ ਆਗੂ ਸੱਤਾ ਹਥਿਆਉਣ ਤੋਂ ਬਾਅਦ ਲੋਕਾਂ ਵਿੱਚ ਜਾਣਾ ਵੀ ਪਸੰਦ ਨਹੀਂ ਕਰਦੇ ਸਨ। ਭਗਵੰਤ ਮਾਨ ਨੇ ਕਿਹਾ ਕਿ ਇਸ ਦੇ ਉਲਟ ਉਹ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਰੋਜ਼ਾਨਾ ਕਿਸੇ ਨਾ ਕਿਸੇ ਸਮਾਗਮ ਵਿੱਚ ਸ਼ਾਮਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਅਹੁਦਾ ਸੰਭਾਲਣ ਤੋਂ ਬਾਅਦ ਸਾਰੀਆਂ ਕਾਨੂੰਨੀ ਅਤੇ ਪ੍ਰਸ਼ਾਸਨਿਕ ਅੜਚਨਾਂ ਨੂੰ ਦੂਰ ਕਰਦਿਆਂ 12710 ਅਧਿਆਪਕਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਵੱਲ ਹਮੇਸ਼ਾ ਏਜੰਡੇ 'ਤੇ ਰੱਖਿਆ ਸੀ। ਭਗਵੰਤ ਮਾਨ ਨੇ ਕਿਹਾ ਕਿ ਇਸ ਦਾ ਮਨੋਰਥ ਅਧਿਆਪਕਾਂ ਦੇ ਸੁਰੱਖਿਅਤ ਭਵਿੱਖ ਨੂੰ ਯਕੀਨੀ ਬਣਾਉਣਾ ਹੈ ਕਿਉਂਕਿ ਉਨ੍ਹਾਂ ਦਾ ਦ੍ਰਿੜ ਵਿਸ਼ਵਾਸ ਹੈ ਕਿ ਜੇਕਰ ਅਧਿਆਪਕਾਂ ਦਾ ਭਵਿੱਖ ਸੁਰੱਖਿਅਤ ਹੈ ਤਾਂ ਹੀ ਉਹ ਵਿਦਿਆਰਥੀਆਂ ਦੀ ਕਿਸਮਤ ਨੂੰ ਬਦਲ ਸਕਦੇ ਹਨ। ਉਨ੍ਹਾਂ ਕਿਹਾ ਕਿ ਹਰ ਮੁਲਾਜ਼ਮ ਦੀ ਜਾਇਜ਼ ਸਮੱਸਿਆ ਦਾ ਹੱਲ ਕੀਤਾ ਜਾਵੇਗਾ ਜਿਸ ਲਈ ਸੂਬਾ ਸਰਕਾਰ ਪਹਿਲਾਂ ਹੀ ਹਰ ਸੰਭਵ ਯਤਨ ਕਰ ਰਹੀ ਹੈ।

ਵਿਰੋਧੀ ਧਿਰ ਵੱਲੋਂ ਤਰਕਹੀਣ ਅਤੇ ਬੇਬੁਨਿਆਦ ਟਿੱਪਣੀਆਂ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਰਿਕਾਰਡ 'ਤੇ ਮੌਜੂਦ ਹੈ ਕਿ ਹੁਣ ਤੋਂ ਇਨ੍ਹਾਂ ਅਧਿਆਪਕਾਂ ਨਾਲ ਜੁੜਿਆ ਕੱਚਾ ਸ਼ਬਦ ਹਮੇਸ਼ਾ ਲਈ ਹਟ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਆਪਕਾਂ ਨੂੰ ਹਰ ਸਾਲ 5 ਫੀਸਦੀ ਇੰਕਰੀਮੈਂਟ ਦੇ ਨਾਲ-ਨਾਲ ਛੁੱਟੀਆਂ ਸਮੇਤ ਹੋਰ ਲਾਭ ਵੀ ਦਿੱਤੇ ਜਾਣਗੇ। ਭਗਵੰਤ ਮਾਨ ਨੇ ਕਿਹਾ ਕਿ ਵਿਰੋਧੀ ਧਿਰ ਨੇ ਆਪਣੇ ਕਾਰਜਕਾਲ ਦੌਰਾਨ ਲੰਮੇ ਸਮੇਂ ਤੋਂ ਇਨ੍ਹਾਂ ਅਧਿਆਪਕਾਂ ਦੀਆਂ ਭਾਵਨਾਵਾਂ ਨਾਲ ਖੇਡ ਕੇ ਉਨ੍ਹਾਂ ਨੂੰ ਮੂਰਖ ਬਣਾਇਆ ਹੈ,



ਇਸ ਲਈ ਉਨ੍ਹਾਂ ਨੂੰ ਇਸ ਮੁੱਦੇ 'ਤੇ ਕੁਝ ਵੀ ਕਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ।

ਇੱਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਸੂਬੇ ਦੀ ਪੁਰਾਤਨ ਸ਼ਾਨ ਨੂੰ ਬਹਾਲ ਕਰਨ ਅਤੇ ਸੂਬੇ ਵਿੱਚ ਖੇਡ ਗਤੀਵਿਧੀਆਂ ਨੂੰ ਹੋਰ ਹੁਲਾਰਾ ਦੇਣ ਲਈ ਮੰਤਰੀ ਮੰਡਲ ਨੇ ਨਵੀਂ ਖੇਡ ਨੀਤੀ-2023 ਨੂੰ ਪ੍ਰਵਾਨਗੀ ਦੇ ਦਿੱਤੀ ਹੈ ਜਿਸ ਵਿੱਚ ਪਿੰਡ ਪੱਧਰ ਤੋਂ ਲੈ ਕੇ ਖਿਡਾਰੀਆਂ ਲਈ ਨੌਕਰੀਆਂ, ਸਿਖਲਾਈ, ਵੱਖ-ਵੱਖ ਲਾਭ ਅਤੇ ਮਜ਼ਬੂਤ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦਾ ਵਿਸ਼ੇਸ਼ ਖਿਆਲ ਰੱਖਿਆ ਗਿਆ ਹੈ । ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਰੀਰਕ ਸਿੱਖਿਆ ਦੇ ਅਧਿਆਪਕਾਂ ਦੀ ਭਰਤੀ ਕਰਕੇ ਖੇਡ ਸੱਭਿਆਚਾਰ ਨੂੰ ਮੁੜ ਪ੍ਰਫੁੱਲਤ ਕੀਤਾ ਜਾਵੇਗਾ ਤਾਂ ਜੋ ਵਿਦਿਆਰਥੀ ਖੇਡਾਂ ਵਿੱਚ ਮੱਲਾਂ ਮਾਰ ਸਕਣ। ਭਗਵੰਤ ਮਾਨ ਨੇ ਕਿਹਾ ਕਿ ਨਵੀਂ ਖੇਡ ਨੀਤੀ ਵਿੱਚ ਖਿਡਾਰੀਆਂ ਨੂੰ ਮਜ਼ਬੂਤ ਬੁਨਿਆਦੀ ਢਾਂਚਾ, ਕੋਚਿੰਗ ਅਤੇ ਸਹੂਲਤਾਂ ਪ੍ਰਦਾਨ ਕਰਨ ਤੋਂ ਇਲਾਵਾ ਕੌਮੀ ਅਤੇ ਕੌਮਾਂਤਰੀ ਖੇਡ ਮੁਕਾਬਲਿਆਂ ਵਿੱਚ ਮੈਡਲ ਜਿੱਤਣ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨ 'ਤੇ ਵੀ ਜ਼ੋਰ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਉਦਯੋਗ ਨੀਤੀ, ਇਲੈਕਟ੍ਰਿਕ ਵਹੀਕਲ ਨੀਤੀ, ਖੇਤੀਬਾੜੀ ਨੀਤੀ ਅਤੇ ਹੁਣ ਖੇਡ ਨੀਤੀ ਲਿਆਂਦੀ ਹੈ। ਉਨ੍ਹਾਂ ਕਿਹਾ ਕਿ ਇਸ ਦਾ ਇੱਕੋ-ਇੱਕ ਮੰਤਵ ਇਹ ਯਕੀਨੀ ਬਣਾਉਣਾ ਹੈ ਕਿ ਸੂਬਾ ਹਰ ਖੇਤਰ ਵਿੱਚ ਸਫ਼ਲਤਾ ਦੀ ਨਵੀਂ ਕਹਾਣੀ ਲਿਖੇ ਤਾਂ ਜੋ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਇਆ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਸਮਾਜ ਦੇ ਹਰ ਵਰਗ ਲਈ ਨੀਤੀਆਂ ਬਣਾਈਆਂ ਜਾ ਰਹੀਆਂ ਹਨ ਤਾਂ ਜੋ ਸੂਬੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਇਆ ਜਾ ਸਕੇ।

ਸੂਬੇ ਵਿੱਚ ਹੜ੍ਹਾਂ ਕਾਰਨ ਹੋਏ ਨੁਕਸਾਨ 'ਤੇ ਚਿੰਤਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੇ ਇੱਕ-ਇੱਕ ਪੈਸੇ ਦੇ ਨੁਕਸਾਨ ਦਾ ਮੁਆਵਜ਼ਾ ਦੇਵੇਗੀ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਸੂਬੇ ਵਿੱਚ ਭਾਰੀ ਬਰਸਾਤ ਕਾਰਨ ਫਸਲਾਂ, ਘਰਾਂ, ਪਸ਼ੂਆਂ ਅਤੇ ਹੋਰ ਨੁਕਸਾਨ ਦਾ ਪਤਾ ਲਗਾਉਣ ਲਈ ਪਹਿਲਾਂ ਹੀ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ 15 ਅਗਸਤ ਤੱਕ ਵਿਸ਼ੇਸ਼ ਗਿਰਦਾਵਰੀ ਮੁਕੰਮਲ ਕਰਨ ਲਈ ਕਿਹਾ ਗਿਆ ਹੈ ਤਾਂ ਜੋ ਲੋਕਾਂ ਦੇ ਨੁਕਸਾਨ ਦੀ ਭਰਪਾਈ ਕੀਤੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਕੁਦਰਤੀ ਆਫਤ ਦੀ ਸਥਿਤੀ ਵਿੱਚ ਫਸਲਾਂ ਦੇ ਨੁਕਸਾਨ ਕਾਰਨ ਖੇਤ ਮਜ਼ਦੂਰਾਂ ਨੂੰ ਰਾਹਤ ਦੇਣ ਲਈ ਨੀਤੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਕੁਦਰਤੀ ਆਫਤ ਕਾਰਨ ਫਸਲਾਂ ਦੇ ਨੁਕਸਾਨ ਦੀ ਭਰਪਾਈ ਲਈ ਡਿਪਟੀ ਕਮਿਸ਼ਨਰਾਂ ਨੂੰ ਰਾਹਤ ਰਾਸ਼ੀ ਜਾਰੀ ਕੀਤੀ ਜਾਂਦੀ ਹੈ, ਇਸ ਲਈ ਨੀਤੀ ਅਨੁਸਾਰ ਉਪਰੋਕਤ ਰਾਹਤ ਰਾਸ਼ੀ ਦਾ 10 ਫੀਸਦ ਵਾਧੂ ਰਾਸ਼ੀ ਉਨ੍ਹਾਂ ਨੂੰ ਸੂਬੇ ਦੇ ਬਜਟ ਵਿੱਚੋਂ ਪ੍ਰਦਾਨ ਕੀਤੀ ਜਾਵੇਗੀ ਤਾਂ ਜੋ ਖੇਤ ਮਜ਼ਦੂਰਾਂ ਨੂੰ ਮੁਆਵਜ਼ਾ ਦਿੱਤਾ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਇਹ ਨੀਤੀ 1 ਮਈ, 2023 ਤੋਂ ਲਾਗੂ ਹੋਵੇਗੀ ਅਤੇ ਸਾਰੇ ਖੇਤ ਮਜ਼ਦੂਰ ਪਰਿਵਾਰ ਜਿਨ੍ਹਾਂ ਕੋਲ ਕੋਈ ਜ਼ਮੀਨ ਨਹੀਂ ਹੈ (ਰਿਹਾਇਸ਼ੀ ਪਲਾਟ ਨੂੰ ਛੱਡ ਕੇ) ਜਾਂ ਜਿਨ੍ਹਾਂ ਕੋਲ ਇੱਕ ਏਕੜ ਤੋਂ ਘੱਟ ਜ਼ਮੀਨ (ਲੀਜ਼/ਠੇਕੇ/ਕਾਸ਼ਤ ਵਾਲੀ) ਹੈ, ਉਹ ਇਸ ਅਧੀਨ ਯੋਗ ਹੋਣਗੇ। .

ਮੁੱਖ ਮੰਤਰੀ ਨੇ ਕਿਹਾ ਕਿ ਇਹ ਚਿੰਤਾ ਦਾ ਵਿਸ਼ਾ ਹੈ ਕਿ ਡਰੋਨਾਂ ਦੀ ਵਰਤੋਂ ਹੁਣ ਸਰਹੱਦ ਪਾਰੋਂ ਹਥਿਆਰਾਂ/ਹੈਰੋਇਨ/ਵਿਸਫੋਟਕਾਂ ਦੀ ਤਸਕਰੀ ਲਈ ਕੀਤੀ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਹ ਪਹਿਲਾਂ ਹੀ ਕੇਂਦਰ ਸਰਕਾਰ ਨੂੰ ਡਰੋਨਾਂ ਦੀ ਰਜਿਸਟ੍ਰੇਸ਼ਨ ਨੂੰ ਲਾਜ਼ਮੀ ਬਣਾਉਣ ਦੀ ਅਪੀਲ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵਾਹਨਾਂ ਦੀ ਰਜਿਸਟ੍ਰੇਸ਼ਨ ਵਾਂਗ ਇਸ ਨੂੰ ਵੀ ਲਾਜ਼ਮੀ ਬਣਾਇਆ ਜਾਵੇ ਤਾਂ ਜੋ ਇਨ੍ਹਾਂ ਰਾਹੀਂ ਹੋ ਰਹੀ ਨਸ਼ਾ ਤਸਕਰੀ ਨੂੰ ਠੱਲ੍ਹ ਪਾਈ ਜਾ ਸਕੇ।

ਸਾਬਕਾ ਵਿੱਤ ਮੰਤਰੀ ਮਨਪ੍ਰੀਤ ਬਾਦਲ ਦੇ ਬਿਆਨ 'ਤੇ ਟਿੱਪਣੀ ਕਰਨ ਲਈ ਪੁੱਛੇ ਜਾਣ 'ਤੇ ਮੁੱਖ ਮੰਤਰੀ ਨੇ ਭਾਜਪਾ ਆਗੂ ਨੂੰ ਯਾਦ ਦਿਵਾਇਆ ਕਿ ਅਦਾਕਾਰੀ ਉਨ੍ਹਾਂ ਦਾ ਪੇਸ਼ਾ ਹੈ ਜਿਸ ਨੇ ਉਨ੍ਹਾਂ ਨੂੰ ਲੋਕਾਂ ਵਿੱਚ ਹਰਮਨ ਪਿਆਰਾ ਬਣਾਇਆ ਹੈ। ਉਨ੍ਹਾਂ ਕਿਹਾ ਕਿ ਜਦੋਂ ਉਹ ਆਪਣੇ ਕਰੀਅਰ ਦੇ ਸਿਖਰ ਉੱਤੇ ਸੂਬੇ ਦੀ ਸੇਵਾ ਲਈ ਪੀ.ਪੀ.ਪੀ. ਵਿੱਚ ਸ਼ਾਮਲ ਹੋਏ ਸਨ ਤਾਂ ਮਨਪ੍ਰੀਤ ਨੇ ਉਨ੍ਹਾਂ ਦੀ ਇੱਕ 'ਮਹਾਨ ਸ਼ਖ਼ਸੀਅਤ' ਦੇ ਤੌਰ 'ਤੇ ਪ੍ਰਸ਼ੰਸਾ ਕੀਤੀ ਸੀ ਭਗਵੰਤ ਮਾਨ ਨੇ ਵਿਅੰਗ ਕਰਦਿਆਂ ਕਿਹਾ ਕਿ ਅੱਜ ਜਦੋਂ ਸਾਬਕਾ ਵਿੱਤ ਮੰਤਰੀ ਨੂੰ ਉਸ ਦੇ ਮੌਕਾਪ੍ਰਸਤ ਪੈਂਤੜਿਆਂ ਕਾਰਨ ਲੋਕਾਂ ਨੇ ਨਕਾਰ ਦਿੱਤਾ ਹੈ ਤਾਂ ਹੁਣ ਉਹ, ਉਨ੍ਹਾਂ ਵਿੱਚ ਨੁਕਸ ਕੱਢ ਰਹੇ ਹਨ।

ਇਸ ਮੌਕੇ ਮੁੱਖ ਮੰਤਰੀ ਦੇ ਨਾਲ ਸਿੱਖਿਆ ਮੰਤਰੀ ਹਰਜੋਤ ਬੈਂਸ, ਵਿਧਾਇਕ ਕੁਲਵੰਤ ਸਿੰਘ ਅਤੇ ਕੁਲਜੀਤ ਸਿੰਘ ਰੰਧਾਵਾ ਤੋਂ ਇਲਾਵਾ ਹੋਰ ਹਾਜ਼ਰ ਸਨ।

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ
6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

Office: 416-654-1010


Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਸ਼ਰਾਬੀ ਯਾਤਰੀ ਨੇ ਜਹਾਜ਼ ਵਿਚੇ ਮਾਂ-ਬੇਟੀ ਨਾਲ ਕੀਤੀ ਛੇੜਛਾੜ

## ਫਲਾਈਟ ਦੇ ਅਮਲੇ ਨੇ ਨਹੀਂ ਕੀਤੀ ਕੋਈ ਮੱਦਦ, ਪਰਿਵਾਰ ਵਲੋਂ ਏਅਰਲਾਈਨ 'ਤੇ ਕਰੀਬ 16.5 ਕਰੋੜ ਦਾ ਮਾਮਲਾ ਦਰਜ

ਨਿਊਯਾਰਕ, 30 ਜੁਲਾਈ (ਪੋਸਟ ਬਿਊਰੋ): ਨਿਊਯਾਰਕ ਸਿਟੀ ਤੋਂ ਏਥਨਜ਼ ਜਾਣ ਵਾਲੀ ਡੈਲਟਾ ਏਅਰਲਾਈਨਜ਼ ਦੀ ਫਲਾਈਟ ਵਿਚ ਇੱਕ ਸ਼ਰਾਬੀ ਯਾਤਰੀ ਨੇ ਇੱਕ 16 ਸਾਲਾ ਲੜਕੀ ਅਤੇ ਉਸਦੀ ਮਾਂ ਨਾਲ ਛੇੜਛਾੜ ਕੀਤੀ। ਫਲਾਈਟ ਦੇ ਅਮਲੇ ਨੇ ਵੀ ਕੋਈ ਮੱਦਦ ਨਹੀਂ ਕੀਤੀ। ਇਨਾ ਹੀ ਨਹੀਂ, ਉਤਰਨ ਤੋਂ ਬਾਅਦ ਵੀ ਦੋਸ਼ੀ ਨੂੰ ਬਿਨ੍ਹਾਂ ਕਿਸੇ ਅਧਿਕਾਰੀ ਜਾਂ ਪੁਲਿਸ ਨੂੰ ਦੱਸੇ ਛੱਡ ਦਿੱਤਾ ਗਿਆ। ਹੁਣ ਪੀੜਤ ਪਰਿਵਾਰ ਨੇ ਏਅਰਲਾਈਨ 'ਤੇ ਕਰੀਬ 16.5 ਕਰੋੜ ਦਾ ਮਾਮਲਾ ਦਰਜ ਕਰਵਾਇਆ ਹੈ।

ਨਿਊਯਾਰਕ ਪੋਸਟ ਦੀ ਰਿਪੋਰਟ ਮੁਤਾਬਕ 26 ਜੁਲਾਈ ਨੂੰ 9 ਘੰਟੇ ਦੀ ਇਸ ਫਲਾਈਟ ਵਿਚ ਇਕ ਯਾਤਰੀ ਨੇ ਕਰੀਬ 10 ਵੋਡਕਾ ਅਤੇ ਇਕ ਗਲਾਸ ਵਾਈਨ ਪੀਤੀ। ਮਾਮਲੇ ਦੀ ਚਾਰਜਸ਼ੀਟ 'ਚ ਦੱਸਿਆ ਗਿਆ ਹੈ ਕਿ ਫਲਾਈਟ ਅਟੈਂਡੈਂਟ ਦੋਸ਼ੀ ਨੂੰ ਲਗਾਤਾਰ



ਸ਼ਰਾਬ ਦੇ ਰਿਹਾ ਸੀ, ਜਦਕਿ ਉਹ ਨਸ਼ੇ 'ਚ ਸੀ। ਇਸ ਤੋਂ ਬਾਅਦ ਉਸ ਨੇ ਮਾਂ-ਬੇਟੀ ਨਾਲ ਛੇੜਛਾੜ ਕਰਨੀ ਸ਼ੁਰੂ ਕਰ ਦਿੱਤੀ।

ਪੀੜਤ ਧਿਰ ਨੇ ਦੱਸਿਆ ਕਿ ਮੁਲਜ਼ਮ ਸ਼ਰਾਬ ਦੇ ਨਸ਼ੇ ਵਿਚ ਲਗਾਤਾਰ ਮਾਂ-ਬੇਟੀ ਨੂੰ ਗਾਲ੍ਹਾਂ ਕੱਢ ਰਿਹਾ ਸੀ। ਵਾਰ-ਵਾਰ ਵਿਰੋਧ ਕਰਨ 'ਤੇ ਵੀ ਫਲਾਈਟ ਕਰੂ ਨੇ ਦੋਸ਼ੀਆਂ ਦੀਆਂ ਕਾਰਵਾਈਆਂ ਨੂੰ ਨਜ਼ਰਅੰਦਾਜ਼ ਕੀਤਾ। ਮੁਲਜ਼ਮ ਉਸ ਤੋਂ ਲਗਾਤਾਰ ਉਸ ਦੇ ਘਰ ਦਾ ਪਤਾ ਅਤੇ ਹੋਰ ਜਾਣਕਾਰੀ ਮੰਗ ਰਿਹਾ ਸੀ। ਇਸ ਦੇ ਨਾਲ ਹੀ ਉਹ ਲੜਕੀ ਨੂੰ ਧਮਕਾਉਣ ਦੀ ਕੋਸ਼ਿਸ਼ ਵੀ ਕਰ ਰਿਹਾ ਸੀ।

ਫਿਰ ਉਸ ਦੀ ਮਾਂ ਨੇ ਮੁਲਜ਼ਮ ਨੂੰ ਕਿਹਾ ਕਿ ਉਹ ਬਹੁਤ ਛੋਟੀ ਹੈ ਅਤੇ ਉਸ ਨਾਲ ਗੱਲ ਕਰਨ ਤੋਂ ਇਨਕਾਰ ਕਰ ਦਿੱਤਾ, ਪਰ ਵਿਅਕਤੀ ਨੇ ਉਸ ਦੀ ਗੱਲ ਨਾ ਸੁਣੀ ਅਤੇ ਉਸ ਦੇ ਨਾਲ-ਨਾਲ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ। ਮਾਂ ਨੇ ਕਈ ਵਾਰ ਆਪਣੀ ਸੀਟ ਬਦਲਣ ਲਈ ਵੀ ਕਿਹਾ ਪਰ ਕਰੂ ਨੇ ਇਸ ਵੱਲ ਵੀ ਧਿਆਨ ਨਹੀਂ ਦਿੱਤਾ। ਫਲਾਈਟ ਲੈਂਡ ਹੋਣ ਤੋਂ ਬਾਅਦ ਡੈਲਟਾ ਕੰਪਨੀ ਨੇ ਮਾਂ-ਬੇਟੀ ਤੋਂ ਮੁਆਫੀ ਮੰਗੀ ਅਤੇ ਉਨ੍ਹਾਂ ਨੂੰ 5 ਹਜ਼ਾਰ ਮੁਫਤ ਟਿਕਟਾਂ ਦੀ ਪੇਸ਼ਕਸ਼ ਕੀਤੀ। ਪੀੜਤਾਂ ਦੇ ਵਕੀਲਾਂ ਨੇ ਕਿਹਾ ਕਿ ਫਲਾਈਟ ਵਿਚ ਜੋ ਹੋਇਆ ਉਸ ਨੂੰ ਰੋਕਿਆ ਜਾ ਸਕਦਾ ਸੀ।

ਡੈਲਟਾ ਕੰਪਨੀ ਨੇ ਕਿਹਾ ਹੈ ਕਿ ਸਾਡੀਆਂ ਉਡਾਨਾਂ 'ਤੇ ਕਿਸੇ ਵੀ ਤਰ੍ਹਾਂ ਦੇ ਦੁਰਵਿਵਹਾਰ ਨੂੰ ਲੈ ਕੇ ਜ਼ੀਰੋ ਟੋਲਰੈਂਸ ਨੀਤੀ ਹੈ। ਅਸੀਂ ਆਪਣੇ ਯਾਤਰੀਆਂ ਦਾ ਖਾਸ ਧਿਆਨ ਰੱਖਦੇ ਹਾਂ ਅਤੇ ਉਨ੍ਹਾਂ ਦੀ ਸੁਰੱਖਿਆ ਤੋਂ ਵੱਧ ਕੁਝ ਵੀ ਮਹੱਤਵਪੂਰਨ ਨਹੀਂ ਹੈ। ਅਸੀਂ ਮਾਮਲੇ ਦੀ ਜਾਂਚ ਕਰਵਾਵਾਂਗੇ।

# ਮੀਂਹ ਕਾਰਨ ਹਿਮਾਚਲ ਵਿਚ ਹੁਣ ਤੱਕ ਹੋਇਆ 5620.22 ਕਰੋੜ ਰੁਪਏ ਦਾ ਨੁਕਸਾਨ

* ਸੈਰ ਸਪਾਟਾ ਉਦਯੋਗ ਹੋਇਆ ਬੁਰੀ ਤਰ੍ਹਾਂ ਪ੍ਰਭਾਵਿਤ

ਸ਼ਿਮਲਾ, 30 ਜੁਲਾਈ (ਪੋਸਟ ਬਿਊਰੋ): ਇਸ ਸਾਲ ਭਾਰੀ ਮੀਂਹ ਕਾਰਨ ਹਿਮਾਚਲ ਪ੍ਰਦੇਸ਼ ਦਾ ਸੈਰ ਸਪਾਟਾ ਉਦਯੋਗ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਧਰਮਸ਼ਾਲਾ ਤੋਂ ਮੈਕਲੋਡਗੰਜ ਤੱਕ ਨੈਸ਼ਨਲ ਹਾਈਵੇਅ ਕਈ ਥਾਵਾਂ 'ਤੇ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ। ਧਰਮਸ਼ਾਲਾ 'ਚ ਹੀ ਬਰਸਾਤ ਕਾਰਨ 5620.22 ਕਰੋੜ ਰੁਪਏ ਤੋਂ ਵੱਧ ਦਾ ਨੁਕਸਾਨ ਹੋਣ ਦਾ ਅੰਦਾਜ਼ਾ ਲਗਾਇਆ ਗਿਆ ਹੈ, ਜਿਸ 'ਚ ਹੋਰ ਵਾਧਾ ਹੋ ਸਕਦਾ ਹੈ ਕਿਉਂਕਿ ਕਈ ਵਿਭਾਗਾਂ ਤੋਂ ਰਿਪੋਰਟਾਂ ਆਉਣੀਆਂ ਬਾਕੀ ਹਨ।

ਧਰਮਸ਼ਾਲਾ ਦੇ ਇੱਕ ਹੋਟਲ ਮਾਲਕ ਪ੍ਰੇਮ ਸਾਗਰ ਨੇ ਕਿਹਾ, "ਮਾਨਸੂਨ ਦਾ ਸੀਜ਼ਨ ਚੱਲ ਰਿਹਾ ਹੈ ਅਤੇ ਇਹ ਲਗਭਗ 90 ਦਿਨਾਂ ਤੱਕ ਚੱਲੇਗਾ। ਅਸੀਂ ਹੁਣ ਮਾਨਸੂਨ ਸੀਜ਼ਨ ਦੇ ਮੱਧ ਵਿੱਚ ਹਾਂ। ਇਸ ਸਾਲ ਮਾਨਸੂਨ ਸਹੀ ਸਮੇਂ 'ਤੇ ਸ਼ੁਰੂ ਹੋਇਆ ਪਰ ਹਿਮਾਚਲ ਵਿਚ ਪਿਛਲੇ ਸਾਲਾਂ ਦੇ ਮੁਕਾਬਲੇ ਜ਼ਿਆਦਾ ਮੀਂਹ ਪੈ ਰਿਹਾ ਹੈ। ਕਈ ਥਾਵਾਂ 'ਤੇ ਬਿਨਾਂ ਯੋਜਨਾਬੰਦੀ ਕਾਰਨ ਪਾਣੀ ਭਰਨ ਦੀ ਸਥਿਤੀ ਬਣੀ ਹੋਈ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਪ੍ਰੇਮ ਸਾਗਰ ਨੇ ਕਿਹਾ ਕਿ ਧਰਮਸ਼ਾਲਾ ਤੋਂ ਮੈਕਲੋਡਗੰਜ ਤੱਕ ਦਾ ਰਾਸ਼ਟਰੀ ਰਾਜਮਾਰਗ ਮਾਨਸੂਨ ਸੀਜ਼ਨ ਦੇ ਸਿਰਫ ਤੀਹ ਦਿਨਾਂ 'ਚ ਕਈ ਥਾਵਾਂ 'ਤੇ ਨੁਕਸਾਨਿਆ ਗਿਆ ਹੈ। ਇਸ ਦੌਰਾਨ, ਰਾਜ ਆਫ਼ਤ ਪ੍ਰਬੰਧਨ ਅਥਾਰਟੀ ਨੇ ਸ਼ਨੀਵਾਰ ਨੂੰ ਕਿਹਾ ਕਿ ਮਾਨਸੂਨ ਨੇ ਹੁਣ



ਤੱਕ ਹਿਮਾਚਲ ਪ੍ਰਦੇਸ਼ ਵਿੱਚ 187 ਲੋਕਾਂ ਦੀ ਜਾਨ ਲੈ ਲਈ ਹੈ। ਹਿਮਾਚਲ ਪ੍ਰਦੇਸ਼ ਰਾਜ ਆਫ਼ਤ ਪ੍ਰਬੰਧਨ ਅਥਾਰਟੀ ਅਨੁਸਾਰ, ਹੁਣ ਤੱਕ 34 ਲੋਕ ਲਾਪਤਾ ਹਨ ਅਤੇ 215 ਲੋਕ ਜ਼ਖਮੀ ਹੋਏ ਹਨ। ਸੂਬੇ ਵਿੱਚ 702 ਘਰਾਂ ਨੂੰ ਨੁਕਸਾਨ ਪਹੁੰਚਿਆ ਹੈ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਵਿਸ਼ਵ ਗੁਰੂ ਬਣਨ ਦੇ ਸੁਫਨੇ ਲੈਂਦੇ ਦੇਸ਼ ਨੂੰ ਦੁਨੀਆਂ ਦੀਆਂ ਨਜ਼ਰਾਂ ਦੇ ਹਾਣ ਦਾ ਸਾਬਤ ਹੋਣਾ ਪਵੇਗਾ



ਜਤਿੰਦਰ ਪੰਨੂ

ਅਜੇ ਬਹੁਤੇ ਸਾਲ ਨਹੀਂ ਹੋਏ ਹੋਣੇ, ਜਦੋਂ ਇੱਕ ਪੰਜਾਬੀ ਗਾਇਕ ਦਾ ਗਾਇਆ ਗੀਤ 'ਮੇਲਾ ਵੇਖਦੀਏ ਮੁਟਿਆਰੇ, ਮੇਲਾ ਤੈਨੂੰ ਵੇਖਦਾ' ਸੁਣਿਆ ਸੀ। ਉਹ ਗੱਲ ਪਿੱਛੇ ਰਹਿ ਗਈ, ਅੱਜ ਦੀ ਘੜੀ ਇਹੋ ਗੱਲ ਉਸ ਭਾਰਤ ਦੇਸ਼ ਬਾਰੇ ਕਹਿਣ ਵਿੱਚ ਝਿਜਕ ਨਹੀਂ ਲੱਗਦੀ, ਜਿਸ ਦਾ ਪ੍ਰਧਾਨ ਮੰਤਰੀ ਆਏ ਦਿਨ ਆਪਣੇ ਲੋਕਾਂ ਨੂੰ ਸੁਫਨਾ ਵਿਖਾਉਂਦਾ ਹੈ ਕਿ ਦੇਸ਼ ਛੇਤੀ ਹੀ 'ਵਿਸ਼ਵ ਗੁਰੂ' ਹੋਣ ਦਾ ਮਾਣ ਹਾਸਲ ਕਰ ਲਵੇਗਾ। ਪ੍ਰਧਾਨ ਮੰਤਰੀ ਨੇ ਦੇਸ਼ ਦੇ ਵਿਕਾਸ ਵਾਲੇ ਸੁਫਨੇ ਵੀ ਵਿਖਾਏ ਹਨ ਤੇ ਇਸ ਦੇ ਨਾਲ ਦੇਸ਼ ਦੀ ਆਰਥਿਕਤਾ ਨੂੰ ਸੰਸਾਰ ਦੀ ਤੀਸਰੀ ਸਭ ਤੋਂ ਵੱਡੀ ਆਰਥਿਕਤਾ ਬਣਾਉਣ ਵਰਗੇ ਸੁਫਨੇ ਨਾਲ ਅਗਲੇ ਸਾਲ ਦੀਆਂ ਲੋਕ ਸਭਾ ਚੋਣਾਂ ਮੌਕੇ ਵੋਟਾਂ ਦੇਣ ਲਈ ਸੱਦਾ ਵੀ ਦੇ ਦਿੱਤਾ ਹੈ। ਉਨ੍ਹਾਂ ਕੋਲ ਸਮੱਰਥਕਾਂ ਤੇ ਪ੍ਰਸੰਸਕਾਂ ਵਾਲੀ ਇੱਕ ਵੱਡੀ ਫੌਜ ਹੈ, ਜਿਹੜੀ ਕਦੀ ਫੌਜ ਵਾਂਗ ਕੰਮ ਕਰਦੀ ਜਾਪਦੀ ਹੈ, ਕਦੀ ਕਿਸੇ ਧਾੜ ਵਾਂਗ ਅਗੇਤੀ ਉਲੀਕੀ ਹੋਈ ਸਰਗਰਮੀ ਦੇ ਰਾਹ ਉੱਤੇ ਚੱਲਦੀ ਜਾਪਦੀ ਹੈ। ਇਹ ਫੌਜ ਹਰ ਵੇਲੇ ਆਪਣੇ ਆਗੂ ਦੇ ਇਸ਼ਾਰੇ ਉੱਤੇ ਹਰ ਹੱਦ ਤੱਕ ਜਾਣ ਨੂੰ ਤਿਆਰ ਜਾਪਦੀ ਹੈ ਤੇ ਉਸ ਫੌਜ ਦਾ ਨਿਸ਼ਾਨਾ ਇੱਕੋ ਨਜ਼ਰ ਆਉਂਦਾ ਹੈ ਕਿ ਜਿਹੜੀ ਗੱਲ ਆਗੂ ਨੇ ਮੂੰਹੋਂ ਕੱਢੀ ਹੈ, ਕਿਸੇ ਵੀ ਸੂਰਤ ਵਿੱਚ ਉਹ ਆਮ ਲੋਕਾਂ ਦੇ ਪੱਧਰ ਉੱਤੇ ਅਮਲ ਵਿੱਚ ਵੀ ਲਾਗੂ ਹੋਣੀ ਚਾਹੀਦੀ ਹੈ।

ਇਹ ਹਕੀਕੀ ਸਥਿਤੀ ਦਾ ਪਹਿਲਾ ਪੱਖ ਹੈ ਕਿ ਭਾਰਤ ਦੇਸ਼ ਇਸ ਵਕਤ ਵਿਸ਼ਵ ਗੁਰੂ ਬਣ ਕੇ ਮੇਲਾ ਲੁੱਟਣ ਵਾਲੇ ਸੁਫਨੇ ਵੇਖਦਾ ਹੈ। ਦੂਸਰਾ ਪੱਖ ਇਹ ਹੈ ਕਿ ਜਦੋਂ ਵਿਸ਼ਵ ਦਾ ਗੁਰੂ ਬਣਨ ਦੇ ਸੁਫਨੇ ਵੇਖੇ ਜਾ ਰਹੇ ਹਨ, ਮੂਹਰੇ ਵਿਸ਼ਵਵੀ ਇਸ ਦੇਸ਼ ਵੱਲ ਅਤੇ ਇਸ ਵਿੱਚ ਵਾਪਰਦੇ ਹਰ ਚੰਗੇ-ਮੰਦੇ ਵੱਲ ਵੇਖਦਾ ਅਤੇ ਆਪਣੇ ਪ੍ਰਤੀਕਰਮ ਕਦੀ ਸਿੱਧੇ ਬੋਲਾਂ ਵਿੱਚ ਅਤੇ ਕਦੀ ਵਲ-ਵਲਾਵਾਂ ਪਾ ਕੇ ਪੇਸ਼ ਕਰਦਾ ਹੈ। ਉਸ ਦੇ ਵਲ-ਵਲਾਵੇਂ ਵਾਲੇ ਪ੍ਰਤੀਕਰਮ ਦਾ ਭਾਰਤ ਵਿੱਚ ਰਾਜ ਕਰਦੀ ਧਿਰ ਦੇ ਲੋਕ ਬਹੁਤਾ ਬੁਰਾ ਨਹੀਂ ਮਨਾਉਂਦੇ ਅਤੇ ਉਸ ਨੂੰ ਅਣਗੌਲਿਆ ਕਰਨ ਦਾ ਯਤਨ ਕਰਦੇ ਹਨ, ਪਰ ਜਦੋਂ ਕਦੀ ਇਸ ਦੇਸ਼ ਬਾਰੇ ਕਿਸੇ ਪਾਸਿਉਂ ਕੋਈ ਸਿੱਧਾ ਅਤੇ ਕੁਝ ਕੌੜਾ-ਕੁਸੈਲਾ ਪ੍ਰਤੀਕਰਮ ਆਉਂਦਾ ਹੈ, ਸੰਸਾਰ ਭਾਈਚਾਰੇ ਦੇ ਹਰ ਨਿਯਮ ਤੇ ਹਰ ਅਸੂਲ ਨੂੰ ਅੱਖੋਂ ਪਰੋਖਾ ਕਰ ਕੇ ਮਿਹਣੇ ਤੇ ਛਿੱਬੀਆਂ ਦੇਣ ਵਾਂਗ ਮੋੜਵਾਂ ਪ੍ਰਤੀਕਰਮ ਦਿੱਤਾ ਜਾਂਦਾ ਹੈ। ਭਾਰਤ ਦੇ ਲੋਕਾਂ ਨੂੰ ਦੂਸਰਿਆਂ ਦੇ ਹਰ ਪ੍ਰਤੀਕਰਮ ਦੀ ਸਿੱਧੀ-ਗੁੱਝੀ ਰਮਜ਼ ਪੱਲੇ ਪੈਂਦੀ ਹੈ ਤਾਂ ਸਾਡੇ ਲੋਕਾਂ ਵੱਲੋਂ ਦਿੱਤੇ ਗਏ ਹਰ ਪ੍ਰਤੀਕਰਮ, ਜਿਹੜਾ ਆਮ ਕਰ ਕੇ ਗੁੱਝਾਂ ਹੋਣ ਦੀ ਬਜਾਏ ਸਿੱਧਾ ਵਾਰ ਕਰਨ ਵਾਂਗ ਹੁੰਦਾ ਹੈ, ਦੀ ਸਾਰੀ ਸਮਝ ਅਗਲਿਆਂ ਨੂੰ ਵੀ ਖੜੇ ਪੈਰ ਲੱਗ ਜਾਂਦੀ ਹੈ। ਇਸ ਨਾਲ ਪ੍ਰਤੀਕਰਮਾਂ ਦੇ ਵਟਾਂਦਰੇ ਦਾ ਸਿਲਸਿਲਾ ਚੱਲ ਪੈਂਦਾ ਹੈ।

ਸੰਸਾਰ ਕੂਟਨੀਤੀ ਵਿੱਚ ਇੱਕ ਸਮਾਂ ਉਹ ਵੀ ਸੀ, ਜਦੋਂ ਦੋ ਵੱਡੀਆਂ ਧਿਰਾਂ: ਅਮਰੀਕਾ ਦੀ ਅਗਵਾਈ ਹੇਠਲਾ ਨਾਟੋ ਬਲਾਕ ਤੇ ਰੂਸ ਦੀ ਅਗਵਾਈ ਵਾਲਾ ਕਮਿਊਨਿਸਟ ਧੜਾ ਹਰ ਗੱਲ ਵਿੱਚ ਆਹਮੋ ਸਾਹਮਣੇ ਹੋਣ ਨੂੰ ਤਿਆਰ ਹੁੰਦੇ ਸਨ। ਅੱਜ ਇਹੋ ਜਿਹੀ ਕੋਈ ਸਥਿਤੀ ਨਹੀਂ। ਉਸ ਦੁਵੱਲੀ ਖਿੱਚੋਤਾਣ ਦੀ ਸਥਿਤੀ ਵਿੱਚ ਜਦੋਂ ਇੱਕ ਵਾਰ ਗੁੱਟ ਨਿਰਪੱਖ ਦੇਸ਼ਾਂ ਦਾ ਧੜਾ ਉੱਭਰਿਆ ਤਾਂ ਭਾਰਤ ਉਸ ਦੇ ਮੋਹਰੀ ਤਿੰਨ ਦੇਸ਼ਾਂ ਵਿੱਚੋਂ ਇੱਕ ਸੀ ਤੇ ਉਸ ਦੌਰ ਵਿੱਚ ਇਸ ਦੀ ਇੱਜ਼ਤ ਸੰਸਾਰ ਦੇ ਦੇਸ਼ਾਂ ਵਿੱਚ ਏਨੀ ਵੱਡੀ ਸੀ ਕਿ ਵਿਸ਼ਵ-ਗੁਰੂ ਹੋਣ ਦਾ ਦਾਅਵਾ ਕੀਤੇ ਬਗੈਰ ਵੀ ਦੁਨੀਆ ਭਰ ਦੇ ਦੇਸ਼ ਲਗਭਗ ਹਰ ਗੱਲ ਵਿੱਚ ਇਸ ਦੀ ਰਾਏ ਆਉਣ ਬਾਰੇ ਉਡੀਕ ਕਰਦੇ ਹੁੰਦੇ ਸਨ। ਹਾਲਾਤ ਬਦਲ ਗਏ ਤਾਂ ਰੂਸ ਦੀ ਸਰਦਾਰੀ ਵਾਲਾ ਕਮਿਊਨਿਸਟ ਬਲਾਕ ਨਾ ਰਹਿ ਜਾਣ ਦੇ ਬਾਅਦ ਅਮਰੀਕਾ ਨੇ ਸੰਸਾਰ ਰਾਜਨੀਤੀ ਦੀ ਇਕਲੌਤੀ ਮਹਾਂ ਸ਼ਕਤੀ ਹੋਣ ਦਾ ਏਦਾਂ ਵਿਖਾਲਾ ਕਰਨ ਦਾ ਰਾਹ ਫੜਿਆ ਕਿ ਉਸ ਦੇ ਸਾਥੀ ਦੇਸ਼ ਵੀ ਉਸ ਦੀ ਵੱਡ-ਤਾਕਤੀ ਧੌਂਸ ਤੋਂ ਤ੍ਰਹਿਕਦੇ ਸਨ, ਪਰ ਉਹ ਉਸ ਅੱਗੇ ਸਿਰ ਚੁੱਕਣ ਜੋਗੇ ਨਹੀਂ ਸਨ ਰਹਿ ਗਏ। ਐਨ ਉਸ ਮੌਕੇ ਇੱਕ ਵਾਰ ਫਿਰ ਰੂਸ ਉੱਭਰਿਆ ਅਤੇ ਉਸ ਨੇ ਅਮਰੀਕਾ ਦੇ ਇਕਲੌਤੀ ਮਹਾਂ-ਸ਼ਕਤੀ ਦੇ ਭਰਮ ਨੂੰ ਚੁਣੌਤੀ ਦੇਣੀ ਸ਼ੁਰੂ ਕਰ ਦਿੱਤੀ ਸੀ। ਇਹ ਅਸਲ ਵਿੱਚ ਭਾਰਤ ਲਈ ਢੁਕਵਾਂ ਮੌਕਾ ਸੀ ਕਿ ਉਹ ਇੱਕ ਵਾਰ ਫਿਰ ਦੋ ਵੱਡੀਆਂ ਧਿਰਾਂ ਦੇ ਮੁਕਾ-ਬਲੇ ਤੀਸਰੇ ਗੁੱਟ-ਨਿਰਪੱਖਤਾ ਦੇ ਪੈਂਤੜੇ ਉੱਤੇ ਆ ਜਾਂਦਾ ਅਤੇ ਸੰਸਾਰ ਦੇ ਮੱਧ-ਮਾਰਗੀ ਦੇਸ਼ ਇਸ ਨਾਲ ਜੁੜ ਸਕਦੇ ਸਨ, ਪਰ ਭਾਰਤ ਖੁੰਝ ਗਿਆ। ਪਹਿਲਾਂ ਭਾਜਪਾ ਦੀ ਅਟਲ ਬਿਹਾਰੀ ਵਾਜਪਾਈ ਸਰਕਾਰ ਸਮੇਂ ਨੂੰ ਸਮਝਣ ਅਤੇ ਵਰਤਣ ਤੋਂ ਖੁੰਝ ਕੇ ਅਮਰੀਕਾ ਨਾਲ ਜੁੜਨ ਦੀ ਕਾਹਲੀ ਵਿਖਾਉਣ ਲੱਗ ਪਈ। ਇਹੋ ਸਮਾਂ ਸੀ, ਜਦੋਂ ਅਫਗਾਨਿਸਤਾਨ ਦੀ ਜੰਗ ਲੜਨ ਨੂੰ ਨਿਕਲ ਚੁੱਕੇ ਅਮਰੀਕਾ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਵਾਜਪਾਈ ਨੇ ਹਰ ਤਰ੍ਹਾਂ ਦੀ ਮਦਦ ਦੀ ਅਣਮੰਗੀ ਪੇਸ਼ਕਸ਼ ਕਰ ਕੇ ਕਿਹਾ ਸੀ ਕਿ 'ਭਾਰਤ ਦਾ ਬੱਚਾ-ਬੱਚਾ ਤੁਹਾਡੇ ਨਾਲ' ਹੈ। ਅੱਗੋਂ ਅਮਰੀਕੀਆਂ ਨੇ ਭਾਰਤ ਦੀ ਇਹ ਪੇਸ਼ਕਸ਼ ਠੁਕਰਾ ਕੇ ਪਾਕਿਸਤਾਨ ਦੇ ਫੌਜੀ ਰਾਸ਼ਟਰਪਤੀ ਜਨਰਲ ਪਰਵੇਜ਼ ਮੁਸ਼ੱਰਫ ਨੂੰ ਆਪਣਾ ਪਿਛਲੱਗ ਬਣਾਇਆਤੇ ਉਸ ਦੇਸ਼ ਦੀਆਂ ਫੌਜੀ ਛਾਉਣੀਆਂ ਅਤੇ ਫੌਜੀ ਹਵਾਈ ਅੱਡੇ ਆਪਣੀ ਫੌਜ ਲਈ ਵਰਤਣ ਦਾ ਹੱਕ ਲੈ ਲਿਆ ਅਤੇ ਵਾਜਪਾਈ ਸਾਹਿਬ ਦੇ ਪੱਲੇ ਨਿਰਾਸ਼ਾ ਪਈ ਸੀ। ਦੂਸਰਾ ਮੌਕਾ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਵੇਲੇ ਸੀ, ਜਦੋਂ ਅਮਰੀਕੀ ਰਾਸ਼ਟਰਪਤੀ ਜਾਰਜ ਬੁੱਸ਼ ਦੂਸਰੇ ਨੂੰ ਇਹ ਕਹਿਣ ਵਿੱਚ ਵੀਮਨਮੋਹਨ ਸਿੰਘ ਨੇ ਢਿੱਲ ਨਹੀਂ ਸੀ ਕੀਤੀ ਕਿ 'ਸਾਰੇ ਭਾਰਤ ਦੇ ਲੋਕ ਤੁਹਾਡਾ ਸਤਿਕਾਰ ਕਰਦੇ ਹਨ।' ਭਾਰਤ ਨੇ ਐਟਮੀ ਸਮਝੌਤਾ ਕਰਨਾ ਸੀ, ਕਰ ਲਿਆ, ਹੋਰ ਅੱਗੇ ਵਧਣ ਅਤੇ ਅਮਰੀਕਾ ਮੂਹਰੇ ਲਿਫਦੇ ਜਾਣ ਦੀ ਲੋੜ ਨਹੀਂ ਸੀ, ਪਰ ਉਹ ਲਿਫਦੇ ਗਏ ਅਤੇ ਹੌਲੀ-ਹੌਲੀ ਅਮਰੀਕੀ ਦਬਾਅ ਹੇਠ ਦੋ ਵੱਡੀਆਂ ਸ਼ਕਤੀਆਂ ਅਮਰੀਕਾ ਅਤੇ ਰੂਸ ਵਿਚਾਲੇ ਸੰਤੁਲਨ ਬਣਾਉਣ ਦੀ ਬਜਾਏ ਅਮਰੀਕੀ ਪਾਸੇ ਵੱਲ ਝੁਕ ਗਏ। ਇਸ ਤਰ੍ਹਾਂ ਝੁਕਦੇ ਜਾਣ ਦਾ ਹੋਰ ਧਿਰਾਂ ਨੇ ਤਾਂ ਵਿਰੋਧ ਕਰਨਾਸੀ, ਆਪਣੇ ਜਨਮ ਤੋਂ ਇੰਗਲੈਂਡ ਤੇ ਅਮਰੀਕਾ ਵੱਲ ਨਰਮੀ ਰੱਖਦੇ ਰਹੇ ਆਰ ਐੱਸ ਐੱਸ ਵਾਲਿਆਂ ਨੇ ਵੀ ਇਹ ਕਹਿਣ ਵਿੱਚ ਵਕਤ ਨਹੀਂ ਸੀ ਗੁਆਇਆ ਕਿ ਸੰਬੰਧ ਜਿੱਦਾਂ ਦੇ ਵੀ ਸਰਕਾਰ ਰੱਖ ਲਵੇ, ਪਰ ਦੇਸ਼ ਦੇ ਸਵੈ-ਮਾਣ ਦਾ ਖਿਆਲ ਜ਼ਰੂਰ ਰੱਖ ਲੈਣਾ ਚਾਹੀਦਾ ਹੈ।ਉਸ ਮੌਕੇ ਵੀ ਭਾਰਤ ਵਕਤੋਂ ਖੁੰਝ ਗਿਆ ਸੀ।

ਨਰਿੰਦਰ ਮੋਦੀ ਸਾਹਿਬ ਦੇ ਪ੍ਰਧਾਨ ਮੰਤਰੀ ਬਣਨ ਮਗਰੋਂ ਭਾਰਤ ਨੇ ਬੇਸ਼ੱਕ ਕੁਝ ਮੌਕਿਆਂ ਉੱਤੇ, ਜਿਵੇਂ ਯੂਕਰੇਨ ਦੀ ਜੰਗ ਦੇ ਸਵਾਲ ਉੱਤੇ ਅਮਰੀਕਾ ਨਾਲ ਖੁੱਲ੍ਹ ਕੇ ਖੜੋਣ ਤੋਂ ਝਿਜਕ ਵਿਖਾਈ ਅਤੇ ਫਾਸਲਾ ਰੱਖਿਆ ਹੈ, ਪਰ ਹਥਿਆਰ ਸੌਦਿਆਂ ਦੇ ਚੱਕਰ ਵਿੱਚ ਉਹ ਵੀ ਸੰਤੁਲਨ ਦਾ ਚੇਤਾ ਨਹੀਂ ਰੱਖ ਸਕੇ। ਫਰਾਂਸ ਦੇ ਰਾਸ਼ਟਰਪਤੀ ਇਮੈਨੂੰਅਲ ਮੈਕਰੋਂ ਦਾ ਭਾਰਤ ਨੂੰ ਨਾਟੋ ਦੇ ਬਹੁਤ ਨੇੜੇ ਦਾ ਦੇਸ਼ ਦੱਸਣ ਦਾ ਹੌਸਲਾ ਇਸ ਲਈ ਪੈ ਗਿਆ ਕਿ ਭਾਰਤ ਸਰਕਾਰ ਨੇ ਪਿਛਲੇ ਸਮੇਂ ਵਿੱਚ ਅਮਰੀਕਾ ਨਾਲ ਹੋਰ ਕਈ ਗੱਲਾਂ ਦੇ ਨਾਲ ਫੌਜੀ ਪੱਖੋਂ ਚੋਖਾ ਨੇੜ ਕਰ ਲਿਆ ਹੈ। ਦੋਵਾਂ ਧਿਰਾਂ ਨੇ ਆਪਸੀ ਸਮਝੌਤੇ ਕੁਝ ਏਦਾਂ ਦੇ ਕੀਤੇ ਹਨ ਕਿ ਕੁਝ ਲੋਕ ਪੰਜਾਹ ਕੁ ਸਾਲ ਪਹਿਲਾਂ ਭਾਰਤ ਤੇ ਕਮਿਊਨਿਸਟ ਰੂਸ ਦੀ ਸਰਕਾਰ ਵਿੱਚ ਹੋਏ ਸਮਝੌਤਿਆਂ ਨਾਲ ਬਰਾਬਰ ਤੋਲਣ ਜਾਂ ਉਸ ਤੋਂ ਵੱਧ ਵਜ਼ਨਦਾਰ ਦੱਸਣ ਲੱਗੇ ਹਨ। ਕੁਝ ਹੱਦ ਤੱਕ ਇਹ ਗੱਲ ਸੱਚੀ ਕਹੀ ਜਾ ਸਕਦੀ ਹੈ, ਪਰ ਭਾਰਤ ਲਈ ਉਹ ਮੋੜ ਅਜੇ ਨਹੀਂ ਆਇਆ, ਜਿੱਥੋਂ ਮੋੜਾ ਕੱਟਣ ਦੀ ਗੁੰਜਾਇਸ਼ ਨਾ ਰਹਿ ਜਾਵੇ।

ਤੀਸਰਾ ਪੱਖ ਇਹ ਹੈ ਕਿ ਭਾਰਤ ਵਿੱਚ ਲੋਕਤੰਤਰੀ ਰਿਵਾਇਤਾਂ ਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਰਾਜਸੀ ਲੋੜਾਂ ਵੇਖ ਕੇ ਸੰਭਾਲਣ ਜਾਂ ਅਣਗੌਲੇ ਕਰਨ ਦੀ ਚਰਚਾ ਸੰਸਾਰ ਭਰ ਵਿੱਚ ਛਿੜੀ ਪਈ ਹੈ। ਯੂਰਪੀ ਦੇਸ਼ਾਂ ਦੀ ਸਾਂਝੀ ਪਾਰਲੀਮੈਂਟ ਵਿੱਚ ਇਸ ਦੀ ਚਰਚਾ ਹੁੰਦੀ ਹੈ, ਯੂਰਪ ਦੇ ਕਈ ਦੇਸ਼ਾਂ ਦੇ ਚੁਣੇ ਅਦਾਰਿਆਂ ਵਿਚ ਭਾਰਤ ਅੰਦਰ ਬਣੇ ਹਾਲਾਤ, ਖਾਸ ਕਰ ਕੇ ਮਨੀਪੁਰ ਮੁੱਦੇ ਉੱਤੇ ਟਿਪਣੀਆਂ ਹੋਈ ਜਾਂਦੀਆਂ ਹਨ। ਅਸੀਂ ਮਨੀਪੁਰ ਜਾਂ ਇਹੋ ਜਿਹੇ ਕਿਸੇ ਹੋਰ ਰਾਜ ਦੇ ਹਾਲਾਤ ਦੀ ਨਮੋਸ਼ੀ ਤੋਂ ਗਵਾਂਢੀ ਪਾਕਿਸਤਾਨ ਅੰਦਰਲੇ ਹਾਲਾਤ ਤੇ ਅੱਤਵਾਦ ਬਾਰੇ ਚਰਚਾ ਕਰ ਕੇ ਖਹਿੜਾ ਨਹੀਂ ਛੁਡਾ ਸਕਦੇ। ਉਨ੍ਹਾਂ ਦੇਸ਼ਾਂ ਬਾਰੇ ਅਤੇ ਖਾਸ ਕਰ ਕੇ ਪਾਕਿਸਤਾਨ ਦੀਆਂ ਭਾਰਤ ਵਿਰੋਧੀ ਚਾਲਾਂ ਬਾਰੇ ਸੰਸਾਰ ਦੇ ਹਰ ਮੰਚ ਉੱਤੇ ਖੋਲ੍ਹ ਕੇ ਗੱਲ ਕਰਨੀ ਅਤੇ ਉਸ ਨੂੰ ਠਿੱਠ ਕਰਨਾ ਆਪਣੀ ਥਾਂ ਜਾਇਜ਼ ਹੈ ਤੇ ਇਸ ਕੰਮ ਵਿੱਚ ਕੋਈ ਕਸਰ ਨਹੀਂ ਰਹਿਣੀ ਚਾਹੀਦੀ, ਪਰ ਆਪਣੇ ਕਿਸੇ ਮਨੀਪੁਰ ਵਰਗੇ ਰਾਜ ਦੇ ਹਾਲਾਤ ਏਨੇ ਵਿਗੜ ਜਾਣ ਕਿ ਪ੍ਰਧਾਨ ਮੰਤਰੀ ਮੋਦੀ ਦੀ ਇਸ ਬਾਰੇ ਖਾਮੋਸ਼ੀ ਸੌ ਮੁੱਦਿਆਂ ਦਾ ਮੁੱਦਾ ਬਣੀ ਨਜ਼ਰ ਆਉਣ ਲੱਗ ਪਵੇ, ਇਸ ਨਾਲ ਭਾਰਤ ਦੀ ਦਿੱਖ ਵਿਗੜਦੀ ਹੈ। ਭਾਰਤ ਸਰਕਾਰ ਆਪਣੇ ਲੋਕਾਂ ਨੂੰ ਇਹ ਦੱਸ ਕੇ ਖੁਸ਼ ਹੋ ਸਕਦੀ ਹੈ ਕਿ ਅਮਰੀਕਾ ਅਤੇ ਹੋਰ ਐਨੇ ਦੇਸ਼ਾਂ ਨੇ ਮਨੀਪੁਰ ਦੇ ਹਾਲਾਤ ਸੰਭਾਲਣ ਲਈ ਭਾਰਤ ਸਰਕਾਰ ਦੀ ਭੂਮਿਕਾ ਉੱਤੇ ਤਸੱਲੀ ਪ੍ਰਗਟ ਕੀਤੀ ਹੈ, ਪਰ ਇਹਵੇਖਣਾ ਪਊਗਾ ਕਿ ਐਨੇ ਹੋਰਨਾਂ ਦੇਸ਼ਾਂ ਨੇ ਇਸ ਦੀ ਭੂਮਿਕਾ ਉੱਤੇ ਤਸੱਲੀ ਪ੍ਰਗਟ ਨਹੀਂ ਵੀ ਕੀਤੀ, ਸਗੋਂ ਕਈ ਦੇਸ਼ ਇਸ ਦੀ ਨੁਕਤਾਚੀਨੀ ਕਰਦੇ ਪਏ ਹਨ। ਜਦੋਂ ਭਾਰਤ ਸੰਸਾਰ ਦੇ ਦੇਸ਼ਾਂ ਨੂੰ ਵੇਖਦਾ ਹੈ ਤਾਂ ਸਾਰਾ ਸੰਸਾਰ 'ਮੇਲਾ ਵੇਖਦੀਏ ਮੁਟਿਆਰੇ, ਮੇਲਾ ਤੈਨੂੰ ਵੇਖਦਾ' ਦੇ ਗੀਤ ਦੀ ਤੱਕਣੀ ਨਾਲ ਉਸ ਦੇਸ਼ ਵੱਲ ਵੇਖਦਾ ਹੈ, ਜਿਹੜਾ ਸੰਸਾਰ ਮੂਹਰੇ ਅਗਲੇ ਸਮਿਆਂ ਵਿੱਚ 'ਵਿਸ਼ਵ-ਗੁਰੂ' ਦੇ ਰੂਪ ਵਿੱਚ ਇੱਕ ਨਵੀਂ ਭੂਮਿਕਾ ਦੇ ਸੁਫਨੇ ਲੈ ਰਿਹਾ ਹੈ। ਸੁਫਨੇ ਲੈਣੇ ਹਨ ਤਾਂ ਉਨ੍ਹਾਂ ਸੁਫਨਿਆਂ ਦੇ ਹਾਣ ਦਾ ਬਣਨਾ ਹੋਵੇਗਾ। ਦੇਸ਼ ਦੇ ਕਿਸੇ ਇੱਕ ਵੀ ਰਾਜ ਵਿੱਚ ਲੋਕ ਰੋਂਦੇ ਹੋਣ ਤਾਂ ਵਿਸ਼ਵ-ਗੁਰੂ ਬਣਨ ਦੇ ਸੁਫਨੇ ਮਜ਼ਾਕ ਬਣ ਕੇ ਰਹਿ ਜਾਣਗੇ ਅਤੇ ਉਹ ਮਜ਼ਾਕੀਆਵਕਤ ਸਿਰਫ ਇਸ ਦੇਸ਼ ਦੇ ਹਾਕਮਾਂ ਲਈ ਨਹੀਂ, ਸਾਰੇ ਦੇਸ਼ ਵਾਸੀਆਂ ਲਈ ਸੁਖਾਵਾਂ ਨਹੀਂ ਹੋਵੇਗਾ।

# ਨਾਬਾਲਿਗਾ ਨਾਲ ਬਲਾਤਕਾਰ ਕਰਨ ਵਾਲੇ ਨੂੰ ਪੀੜਤਾ ਦੇ ਪਰਿਵਾਰ ਨੇ ਉਤਾਰਿਆ ਮੌਤ ਦੇ ਘਾਟ

ਭੁਵਨੇਸ਼ਵਰ, 30 ਜੁਲਾਈ (ਪੋਸਟ ਬਿਊਰੋ): ਉੜੀਸਾ 'ਚ ਨਾਬਾਲਗ ਲੜਕੀ ਨਾਲ ਬਲਾਤਕਾਰ ਕਰਨ ਵਾਲੇ ਵਿਅਕਤੀ ਨੂੰ ਪੀੜਤਾ ਦੇ ਪਰਿਵਾਰਕ ਮੈਂਬਰਾਂ ਨੇ ਕੁੱਟ-ਕੁੱਟ ਕੇ ਮਾਰ ਦਿੱਤਾ। ਮਾਮਲੇ ਦੇ ਵੇਰਵੇ ਦਿੰਦੇ ਹੋਏ, ਇੱਕ ਅਧਿਕਾਰੀ ਨੇ ਐਤਵਾਰ ਨੂੰ ਦੱਸਿਆ ਕਿ ਪੀੜਤਾ ਦੇ ਪਿਤਾ ਅਤੇ ਚਾਚੇ ਨੇ ਕਥਿਤ ਤੌਰ 'ਤੇ ਬਲਾਤਕਾਰੀ ਦੀ ਕੁੱਟਮਾਰ ਕੀਤੀ, ਜਿਨ੍ਹਾਂ ਨੇ ਬਾਅਦ ਵਿੱਚ ਉੜੀਸਾ ਦੇ ਕੰਧਮਾਲ ਜ਼ਿਲ੍ਹੇ ਵਿੱਚ ਪੁਲਿਸ ਦੇ ਸਾਹਮਣੇ ਆਤਮ ਸਮਰਪਣ ਕਰ ਦਿੱਤਾ।

ਇਹ ਘਟਨਾ ਜ਼ਿਲ੍ਹਾ ਹੈੱਡਕੁਆਰਟਰ ਫੁਲਬਨੀ ਤੋਂ ਕਰੀਬ 75 ਕਿਲੋਮੀਟਰ ਦੂਰ ਰਾਏਕੀਆ ਥਾਣੇ ਅਧੀਨ ਪੈਂਦੇ ਪਿੰਡ ਵਿੱਚ ਵਾਪਰੀ। ਦੋਸ਼ ਹੈ ਕਿ ਕੰਕਰੀਟ ਮਿਕਸਿੰਗ ਮਸ਼ੀਨ ਦੇ ਇਕ ਆਪਰੇ-ਟਰ ਨੇ ਸ਼ਨੀਵਾਰ ਦੁਪਹਿਰ ਲੜਕੀ ਨਾਲ ਬਲਾਤਕਾਰ ਕੀਤਾ ਜਦੋਂ ਉਹ ਘਰ ਦੇ ਬਾਹਰ ਘੁੰਮ ਰਹੀ ਸੀ। ਮ੍ਰਿਤਕ ਛੱਤੀਸਗੜ੍ਹ ਦਾ ਰਹਿਣ ਵਾਲਾ ਸੀ ਜਿਸ ਨੂੰ ਕਿਸੇ ਕੰਮ ਲਈ ਠੇਕੇਦਾਰ ਨੇ ਨਿਯੁਕਤ ਕੀਤਾ ਸੀ।

ਰਾਏਕੀਆ ਥਾਣੇ ਦੇ ਇੰਚਾਰਜ ਇੰਸਪੈਕਟਰ ਰਮਾਕਾਂਤ ਪਾਤਰਾ ਨੇ ਦੱਸਿਆ ਕਿ ਘਟਨਾ ਤੋਂ ਗੁੱਸੇ 'ਚ ਆ ਕੇ ਪੀੜਤਾ ਦੇ ਪਿਤਾ ਅਤੇ ਚਾਚੇ ਨੇ ਦੋਸ਼ੀ ਦੀ ਡੰਡਿਆਂ ਨਾਲ ਕੁੱਟਮਾਰ ਕੀਤੀ, ਜਿਸ ਨਾਲ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਦੋਵਾਂ ਨੇ ਬਾਅਦ ਵਿੱਚ ਥਾਣੇ ਵਿੱਚ ਆਤਮ ਸਮਰਪਣ ਕਰ ਦਿੱਤਾ ਅਤੇ ਆਪਣਾ ਜੁਰਮ ਕਬੂਲ ਕਰ ਲਿਆ। ਲੜਕੀ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਜਦਕਿ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ।


URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।
CAMBRIDGE (Speedsville/Equestrian Way)
ਐਂਡ ਯੁਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਉਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।
BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।
BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੇਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।
FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results
RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
Dr. Samreet Kaur Randhawa
General Family Dentist
New Patients welcome
Deal Directly with all Insurance Companies
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
DENTISTRY
Squire Ellis Dr
Gore Rd
Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com


ROYAL CANADIAN
International
CIRCUS
UNDER THE BIG TOP
BRAMPTON & MISSISSAUGA
July 6–August 20
2 for 1 GENERAL ADMISSION TICKETS
at royalcanadiancircus.ca with Promo Code Punjabi


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017